



ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਐਤਵਾਰ, 29 ਦਸੰਬਰ 2024

Email:- lokbani08@gmail.com






R. N. I. Punpun/29016/2008 ✶ ਸਾਲ 16 , ✶ ਅੰਕ : 142, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111





## ਪਾਕਿਸਤਾਨ ਦੇ ਸਰਹੱਦੀ ਇਲਾਕੇ ਵਿੱਚ ਹੋਇਆ ਝੜਪਾਂ

**ਕਾਬੁਲ, ਲੋਕ ਬਾਣੀ** -ਮੁਕਾਮੀ ਮੀਡੀਆ ਨੇ ਸ਼ਨਿੱਚਰਵਾਰ ਨੂੰ ਰਿਪੋਰਟ ਦਿੱਤੀ ਕਿ ਸਰਹੱਦੀ ਕਰਾਸਿੰਗ ਪੁਆਇੰਟਾਂ ‘ਤੇ ਅਫ਼ਗਾਨ ਅਤੇ ਪਾਕਿਸਤਾਨੀ ਸਰਹੱਦੀ ਦਸਤਿਆਂ ਵਿਚਕਾਰ ਭਾਰੀ ਝੜਪਾਂ ਹੋਈਆਂ ਹਨ ਅਤੇ ਇਸ ਕਾਰਨ ਵਿੱਚ 19 ਪਾਕਿਸਤਾਨੀ ਫ਼ੌਜੀ ਜਵਾਨ ਅਤੇ ਤਿੰਨ ਅਫ਼ਗਾਨ ਨਾਗਰਿਕ ਮਾਰੇ ਗਏ ਹਨ। ਸਿਨਹੂਆ (Xinhua ) ਖ਼ਬਰ ਏਜੰਸੀ ਮੁਤਾਬਕ ਟੋਲੋਨਿਊਜ਼ (TOLOnews) ਨੇ ਕੌਮੀ ਸਲਾਮਤੀ ਮੰਤਰਾਲੇ ਦੇ ਇੱਕ ਸਰੋਤ ਦੇ ਹਵਾਲੇ ਨਾਲ ਦੱਸਿਆ ਕਿ ਪਾਕਿਸਤਾਨ ਨਾਲ



ਲੱਗਦੇ ਪੂਰਬੀ ਅਫ਼ਗਾਨਿਸਤਾਨ ਦੇ ਖ਼ੋਸਤ ਅਤੇ ਪਕਤਿਕਾ ਸੂਬਿਆਂ ਵਿੱਚ ਭਿਆਨਕ ਝੜਪਾਂ ਜਾਰੀ ਹਨ।

## ਮਸ਼ਹੂਰ ਅਦਾਕਾਰ ਉਰਮਿਲਾ ਕੋਠਾਰੀ ਦੀ ਕਾਰ ਨਾਲ ਮਜ਼ਦੂਰ ਦੀ ਹੋਈ ਟਕਰ

**ਮੁੰਬਈ, ਲੋਕ ਬਾਣੀ-** ਪੁਲੀਸ ਨੇ ਦੱਸਿਆ ਕਿ ਸ਼ਨਿੱਚਵਾਰ ਤੜਕੇ ਮੁੰਬਈ ਦੇ ਕਾਂਦੀਵਾਲੀ ਖੇਤਰ ਵਿੱਚ ਮਰਾਠੀ ਅਦਾਕਾਰਾ ਉਰਮਿਲਾ ਕੋਠਾਰੇ (Urmila Kothare) ਦੀ ਕਾਰ ਨਾਲ ਟਕਰਾਉਣ ਕਾਰਨ ਇੱਕ ਮਜ਼ਦੂਰ ਦੀ ਮੌਤ ਹੋ ਗਈ ਅਤੇ ਦੂਜਾ ਗੰਭੀਰ ਜ਼ਖ਼ਮੀ ਹੋ ਗਿਆ।

ਇੱਕ ਅਧਿਕਾਰੀ ਨੇ ਦੱਸਿਆ ਕਿ ਹਾਦਸੇ ਵਿੱਚ ਅਦਾਕਾਰਾ ਅਤੇ ਉਸ ਦਾ ਡਰਾਈਵਰ ਵੀ ਜ਼ਖਮੀ ਹੋ ਗਏ।



ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਅਦਾਕਾਰਾ ਆਪਣੀ ਸ਼ੂਟਿੰਗ ਖਤਮ ਕਰਕੇ ਘਰ ਪਰਤ ਰਹੀ ਸੀ।

## ਦਿੱਲੀ ਦੀ ਮਸ਼ਹੂਰ ਯੂਨੀਵਰਸਿਟੀ ਦੇ ਹੋਸਟਲ ਵਿਚ ਲੱਗੀ ਅੱਗ

**ਦਿੱਲੀ, ਲੋਕ ਬਾਣੀ**-ਜਵਾਹਰਲਾਲ ਨਹਿਰੂ ਯੂਨੀਵਰਸਿਟੀ (ਜੇਐੱਨਯੂ) ਦੇ ਗੋਦਾਵਰੀ ਹੋਸਟਲ ’ਚ ਅੱਗ ਲੱਗ ਗਈ। ਹਾਲਾਂਕਿ ਅਧਿਕਾਰੀਆਂ ਅਨੁਸਾਰ ਇਸ ਹਾਦਸੇ ਦੌਰਾਨ ਕਿਸੇ ਤਰ੍ਹਾਂ ਦੇ ਨੁਕਸਾਨ ਦੀ ਖ਼ਬਰ ਨਹੀਂ ਹੈ।

ਜੇਐੱਨਯੂ ਵਿਦਿਆਰਥੀ ਯੂਨੀਅਨ (ਜੇਐੱਨਯੂਐੱਸਯੂ) ਵੱਲੋਂ ਸਾਂਝੀ ਕੀਤੀ ਗਈ ਵੀਡੀਓ ਵਿੱਚ ਇੱਕ ਇਲੈੱਕਟ੍ਰੀਕਲ ਪੈਨਲ ਬੋਰਡ ਤੋਂ ਅੱਗ ਦੀਆਂ ਲਪਟਾਂ ਅਤੇ ਧੂੰਆਂ ਉੱਠਦਾ ਦਿਖਾਈ ਦੇ ਰਿਹਾ ਹੈ।

ਦਿੱਲੀ ਫਾਇਰ ਸਰਵਿਸਿਜ਼ (ਡੀਐੱਫਐੱਸ) ਨੇ



ਦੱਸਿਆ ਕਿ ਸ਼ੁੱਕਰਵਾਰ ਰਾਤ ਇੱਕ ਏਅਰ-ਕੰਡਸ਼ਨਿੰਗ ਯੂਨਿਟ ’ਚ ਅੱਗ ਲੱਗ ਗਈ। ਡੀਐੱਫਐੱਸ ਦੇ ਇੱਕ ਅਧਿਕਾਰੀ ਨੇ ਕਿਹਾ, “ਸਾਨੂੰ ਰਾਤ 10:18 ਵਜੇ ਸੂਚਨਾ ਮਿਲੀ ਸੀ। ਇਹ ਪੈਨਲ ਬੋਰਡ ’ਚ ਲੱਗੀ ਮਾਮੂਲੀ ਅੱਗ ਸੀ।

## ਈਡੀ ਅਧਿਕਾਰੀ ਦੀ ਕੋਠੀ ਤੇ ਸੀਬੀਆਈ ਨੇ ਮਾਰਿਆ ਛਾਪਾ

**ਚੰਡੀਗੜ੍ਹ, ਵਿਨੋਦ ਸ਼ਰਮਾ**-ਸੀਬੀਆਈ ਨੇ ਸ਼ਿਮਲਾ ਵਿੱਚ ਐਨਫੋਰਸਮੈਂਟ ਡਾਇਰੈਕਟੋਰੇਟ ਦੇ ਅਸਿਸਟੈਂਟ ਡਾਇਰੈਕਟਰ ਦੀ ਰਿਹਾਇਸ਼ ’ਤੇ ਛਾਪੇ ਮਾਰੇ ਹਨ, ਜੋ ਐਤਵਾਰ ਨੂੰ ਇੱਕ ਅਪਰੇਸ਼ਨ ਦੌਰਾਨ ਏਜੰਸੀ ਨੂੰ ਚਕਮਾ ਦੇ ਕੇ ਫਰਾਰ ਹੋ ਗਿਆ ਸੀ।

ਅਧਿਕਾਰੀਆਂ ਨੇ ਦੱਸਿਆ ਕਿ ਸ਼ਿਮਲਾ ਵਿੱਚ ਤਾਇਨਾਤ ਈਡੀ ਦਾ ਅਸਿਸਟੈਂਟ ਡਾਇਰੈਕਟਰ ਅਤੇ ਉਸ ਦਾ ਭਰਾ



ਵਿਕਾਸ ਦੀਪ, ਜੋ ਦਿੱਲੀ ਵਿੱਚ ਪੰਜਾਬ ਨੈਸ਼ਨਲ ਬੈਂਕ ’ਚ ਸੀਨੀਅਰ ਮੈਨੇਜਰ ਹੈ, ਇੱਕ ਕਾਰੋਬਾਰੀ ਤੋਂ ਕਥਿਤ ਤੌਰ ’ਤੇ ਰਿਸ਼ਵਤ ਦੀ ਰਕਮ ਲੈਣ ਲਈ ਚੰਡੀਗੜ੍ਹ ਗਏ ਸੀ।

## ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਨੂੰ ਡੱਲੇਵਾਲ ਦੇ ਇਲਾਜ ਕਰਵਾਉਣ ਲਈ 31 ਤੱਕ ਦਾ ਸਮਾਂ ਦਿੱਤਾ

**ਦਿੱਲੀ, ਲੋਕ ਬਾਣੀ**--ਸੁਪਰੀਮ ਕੋਰਟ ਨੇ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਹਸਪਤਾਲ ਲੈ ਕੇ ਜਾਣ ਲਈ ਮਨਾਉਣ ਦੇ ਸਿਲਸਿਲੇ ਚ ਪੰਜਾਬ ਸਰਕਾਰ ਨੂੰ 31 ਦਸੰਬਰ ਤੱਕ ਦਾ ਸਮਾਂ ਦਿੱਤਾ ਹੈ। ਜਸਟਿਸ ਸੂਰਿਆਕਾਂਤ ਅਤੇ ਜਸਟਿਸ ਉੱਜਵਲ ਭੂਈਆਂ ਦੀ



ਬੈਂਚ ਨੇ ਸੁਣਵਾਈ ਕਰਦਿਆਂ ਸਥਿਤੀ ਨੂੰ ਵਿਗੜਨ ਦੇਣ ਅਤੇ ਡੱਲੇਵਾਲ ਨੂੰ ਮੈਡੀਕਲ ਸਹਾਇਤਾ ਪ੍ਰਦਾਨ ਕਰਨ ਦੇ ਉਸ ਦੇ ਪਹਿਲਾਂ ਦੇ ਨਿਰਦੇਸ਼ਾਂ ਦਾ ਪਾਲਣ ਨਾ ਕਰਨ ਤੇ ਪੰਜਾਬ ਸਰਕਾਰ ਨੂੰ ਫਟਕਾਰ ਲਾਈ। ਪੰਜਾਬ ਸਰਕਾਰ ਨੇ ਡੱਲੇਵਾਲ ਨੂੰ ਹਸਪਤਾਲ ਲੈ ਕੇ ਜਾਣ ਵਿਚ ਅਸਮਰੱਥਾ ਜ਼ਾਹਰ ਕਰਦਿਆਂ ਕਿਹਾ ਕਿ ਉਸ ਨੂੰ ਪ੍ਰਦਰਸ਼ਨਕਾਰੀ ਕਿਸਾਨਾਂ ਦੇ ਵਿਰੋਧ ਦਾ ਸਾਹਮਣੇ ਕਰਨਾ ਪੈ ਰਿਹਾ ਹੈ,

## ਹਿਮਾਚਲ ਪ੍ਰਦੇਸ਼ ਵਿਚ ਹੋਈ ਭਾਰੀ ਬਰਫਬਾਰੀ ਕਈ ਵਾਹਨ ਫੱਸੇ

**ਸ਼ਿਮਲਾ , ਲੋਕ ਬਾਣੀ**--ਭਾਰੀ ਬਰਫਬਾਰੀ ਦੇ ਮੌਸਮ ਦੀ ਭਵਿੱਖਬਾਣੀ ਦੇ ਵਿਚਕਾਰ ਕੱਲ੍ਹ ਸੋਲਾਂਗ ਘਾਟੀ ਤੋਂ ਅਟਲ ਸੁਰੰਗ ਤੱਕ ਵਾਹਨਾਂ ਦੀ ਆਵਾਜਾਈ ਬੰਦ ਹੋਣ ਕਾਰਨ ਕਈ ਵਾਹਨ ਅਜੇ ਤਕ ਫਸੇ ਹੋਏ ਹਨ ਤੇ ਅਜੇ ਵੀ ਬਰਫਬਾਰੀ ਜਾਰੀ ਹੈ। ਸੋਲਾਂਗਨਾਲਾ ਵਿੱਚ ਇੱਕ ਹਜ਼ਾਰ ਤੋਂ ਵੱਧ ਵਾਹਨ ਜਾਮ ਵਿੱਚ ਫਸੇ ਹੋਏ ਹਨ। ਮਨਾਲੀ-ਸੋਲਾਂਗਨਾਲਾ ਸੜਕ ਤੇ 6




ਕਿਲੋਮੀਟਰ ਲੰਬਾ ਜਾਮ ਲੱਗਾ ਹੋਇਆ ਹੈ। ਟ੍ਰੈਫਿਕ ਬਹਾਲ ਕਰਨ ਦੀ ਕੋਸ਼ਿਸ਼ ਕਰ ਰਹੇ ਪੁਲਿਸ ਕਰਮਚਾਰੀਆਂ ਨੂੰ ਮਾਈਨਸ ਤਾਪਮਾਨ ‘ਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

## 31 ਨੂੰ ਹੋਵੇਗੀ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਬੈਠਕ

**ਅਮ੍ਰਿਤਸਰ, ਲੋਕ ਬਾਣੀ**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ 30 ਦਸੰਬਰ ਨੂੰ ਹੋਣ ਵਾਲੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਹੁਣ 31 ਦਸੰਬਰ ਨੂੰ ਹੋਵੇਗੀ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਹ ਫੈਸਲਾ ਕਿਸਾਨ ਜਥੇਬੰਦੀਆਂ ਵਲੋਂ 30 ਦਸੰਬਰ ਨੂੰ ਪੰਜਾਬ ਬੰਦ ਦੇ ਸਮਰਥਨ ਵਿਚ ਲਿਆ ਹੈ। ਉਨ੍ਹਾਂ ਕਿਹਾ ਕਿ 31




ਦਸੰਬਰ ਨੂੰ ਹੋਣ ਵਾਲੀ ਅੰਤ੍ਰਿੰਗ ਕਮੇਟੀ ਦਾ ਏਜੰਡਾ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਭੇਜੇ ਗਏ ਪਹਿਲਾਂ ਵਾਲੇ ਏਜੰਡੇ ਅਨੁਸਾਰ ਹੀ ਰਹੇਗਾ।

## ਮਰੀਜ਼ ਨੂੰ ਲੈ ਕੇ ਜਾਂ ਰਹੀ ਐਂਬੂਲੈਂਸ ਹਈ ਹਾਦਸੇ ਦਾ ਸ਼ਿਕਾਰ ਇਕ ਦੀ ਹੋਈ ਮੌਤ

**ਜਲੰਧਰ, ਬਿੱਟੂ ਫੋਲੜੀਵਾਲ** --ਜਲੰਧਰ ਵਿਖੇ ਚੁਗਿੱਟੀ ਫਲਾਈਓਵਰ ਨੇੜੇ ਵੱਡਾ ਹਾਦਸਾ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਚੁਗਿੱਟੀ ਫਲਾਈਓਵਰ ਦੇ ਕੋਲ ਮਰੀਜ਼ ਨੂੰ ਹਸਪਤਾਲ ਲੈ ਕੇ ਜਾ ਰਹੀ ਐਂਬੂਲੈਂਸ ਨੂੰ ਤੇਜ਼ ਰਫ਼ਤਾਰ ਚਾਲਕ ਦੀ ਮੌਤ ਹੋ ਗਈ। ਉਥੇ ਹੀ ਇਲਾਜ ਲਈ ਜਲੰਧਰ ਲਿਆਂਦਾ ਜਾ ਰਿਹਾ ਮਰੀਜ਼ ਗੰਭੀਰ ਰੂਪ ਨਾਲ ਜ਼ਖ਼ਮੀ ਹੋ ਗਿਆ ਹੈ। ਜ਼ਖ਼ਮੀ ਮਰੀਜ਼



ਨੂੰ ਤੁਰੰਤ ਇਕ ਹੋਰ ਐਂਬੂਲੈਂਸ ਤੋਂ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ।





ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਜਲੰਧਰ ਦੇ ਪੱਤਰਕਾਰ ਪਰਮਜੀਤ ਸਿੰਘ ਰੰਗਪੁਰੀ ਨੂੰ ਦੁਬਈ ਵਿੱਚ ਮਿਲਿਆ ਅੰਤਰਰਾਸ਼ਟਰੀ ਅਵਾਰਡ, ਖੇਡਾਂ ਦੀ ਸ਼੍ਰੇਣੀ ਵਿੱਚ ਦਿ ਸਿੱਖ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ

ਦੁਬਈ (ਲੋਕ ਬਾਣੀ)- ਸੀਨੀਅਰ ਪੱਤਰਕਾਰ ਪਰਮਜੀਤ ਸਿੰਘ ਰੰਗਪੁਰੀ ਨੂੰ ਸੰਯੁਕਤ ਅਰਬ ਅਮੀਰਾਤ ਦੇ ਸ਼ਹਿਰ ਦੁਬਈ ਵਿਖੇ ਹੋਏ 13ਵੇਂ ਦਾ ਸਿੱਖ ਐਵਾਰਡਜ਼ ਵਿਚ ਖੇਡ ਵਰਗ ਵਿਚ ਸਿੱਖ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਦਾ ਸਿੱਖ ਐਵਾਰਡ ਹਾਸਲ ਕਰਨ ਵਾਲੇ ਪਰਮਜੀਤ ਸਿੰਘ ਰੰਗਪੁਰੀ ਪਿਛਲੇ 25 ਸਾਲਾਂ ਤੋਂ ਮੀਡੀਆ ਦੇ ਖੇਤਰ ਨਾਲ ਜੁੜੇ ਹੋਏ ਹਨ। ਆਪਣੇ 25 ਸਾਲਾਂ ਦੇ ਕਰੀਅਰ ਵਿੱਚ, ਉਸਨੇ ਦੇਸ਼ ਦੀਆਂ ਵੱਡੀਆਂ ਨਿਊਜ਼ ਏਜੰਸੀਆਂ, ਰਾਸ਼ਟਰੀ ਨਿਊਜ਼ ਚੈਨਲਾਂ ਦੇ ਨਾਲ-ਨਾਲ ਖੇਤਰੀ ਚੈਨਲਾਂ ਵਿੱਚ ਕੰਮ ਕੀਤਾ ਹੈ ਅਤੇ ਪਿਛਲੇ 10 ਸਾਲਾਂ ਤੋਂ, ਉਹ ਸਟਾਰ ਸਪੋਰਟਸ, ਜੀਓ ਸਿਨੇਮਾ, ਸਪੋਰਟਸ ਕੀੜਾ ਅਤੇ ਕਈਆਂ ਹੋਰ ਸਪੋਰਟਸ ਚੈਨਲ ਵਿੱਚ ਇੱਕ ਨਿਰਮਾਤਾ ਵਜੋਂ ਕੰਮ ਕਰ ਰਿਹਾ ਹੈ।

ਇਸ ਮੌਕੇ ਪਰਮਜੀਤ ਸਿੰਘ ਰੰਗਪੁਰੀ ਨੇ ਦਿ ਸਿੱਖ ਐਵਾਰਡ ਦੇ ਸੰਸਥਾਪਕ ਡਾ: ਨਵਦੀਪ ਬਾਂਸਲ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ । ਉਨ੍ਹਾਂ ਕਿਹਾ ਕਿ ਦੁਨੀਆਂ ਭਰ ਵਿੱਚ ਵਸੇ ਸਿੱਖ ਬਹੁਤ ਨਾਮ ਕਮਾ ਰਹੇ ਹਨ ਅਤੇ ਉਨ੍ਹਾਂ ਨੂੰ ਪ੍ਰੇਰਿਤ ਕਰਨ ਲਈ ਅਜਿਹੇ ਐਵਾਰਡ ਕਰਵਾਏ ਜਾਣੇ ਚਾਹੀਦੇ ਹਨ।

ਸਿੱਖ ਐਵਾਰਡ ਦੀ ਸ਼ੁਰੂਆਤ ਡਾ: ਨਵਦੀਪ ਸਿੰਘ ਬਾਂਸਲ ਵੱਲੋਂ ਕੀਤੀ ਗਈ ਸੀ, ਜੋ ਪਿਛਲੇ 12 ਸਾਲਾਂ ਤੋਂ ਯੂਨਾਈਟਿਡ ਕਿੰਗਡਮ




ਵਿੱਚ ਰਹਿ ਰਹੇ ਹਨ। ਇਸ ਤੋਂ ਪਹਿਲਾਂ ਇਹ ਐਵਾਰਡ ਲੰਡਨ, ਕੈਨੇਡਾ, ਸਿੰਗਾਪੁਰ, ਦੁਬਈ ਅਤੇ ਹੋਰ ਕਈ ਵੱਡੇ ਦੇਸ਼ਾਂ ਵਿੱਚ ਆਯੋਜਿਤ ਕੀਤਾ ਜਾ ਚੁੱਕਾ ਹੈ। ਇਸ ਸਮਾਗਮ ਵਿੱਚ ਭਾਰਤ, ਕੈਨੇਡਾ, ਕੀਨੀਆ, ਯੂ.ਕੇ., ਯੂ.ਐਸ.ਏ. ਅਤੇ ਯੂ.ਏ.ਈ. ਵਰਗੇ ਦੇਸ਼ਾਂ ਦੇ ਅੰਤਰਰਾਸ਼ਟਰੀ ਪਤਵੰਤੇ, ਕਮਿਊਨਿਟੀ ਲੀਡਰ, ਖੇਡ ਸ਼ਖਸੀਅਤਾਂ, ਮਸ਼ਹੂਰ ਹਸਤੀਆਂ ਅਤੇ ਵਪਾਰਕ ਨੇਤਾਵਾਂ ਸਮੇਤ 400 ਤੋਂ ਵੱਧ ਪ੍ਰਮੁੱਖ ਮਹਿਮਾਨ ਸ਼ਾਮਲ ਹੋਏ।ਡਾ: ਨਵਦੀਪ ਬਾਂਸਲ ਨੇ ਸਭ ਤੋਂ ਪਹਿਲਾਂ ਸਿੱਖ ਡਾਇਰੈਕਟਰੀ ਅਤੇ ਫਿਰ ਵਿਸ਼ਵ ਦੇ 100 ਪਾਵਰਫੁੱਲ ਸਿੱਖ ਅਤੇ ਦ ਸਿੱਖ ਅਵਾਰਡ ਦੀ ਸ਼ੁਰੂਆਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਵਦੀਪ ਬਾਂਸਲ ਨੇ ਦੱਸਿਆ ਕਿ ਇਸ ਐਵਾਰਡ ਦੇ ਆਯੋਜਨ ਦਾ ਮਕਸਦ ਦੁਨੀਆ ਭਰ ਵਿੱਚ ਵੱਸਦੇ ਸਿੱਖ ਭਾਈਚਾਰੇ ਦੀਆਂ ਪ੍ਰਾਪਤੀਆਂ ਬਾਰੇ ਲੋਕਾਂ ਨੂੰ ਦੱਸਣਾ ਅਤੇ ਉਨ੍ਹਾਂ ਨੂੰ ਐਵਾਰਡ ਦੇ ਕੇ ਉਨ੍ਹਾਂ ਦਾ ਉਤਸ਼ਾਹ ਵਧਾਉਣਾ ਹੈ। ਸਿੱਖ ਅਵਾਰਡ ਨਾ ਸਿਰਫ਼ ਦੁਨੀਆ ਭਰ ਦੇ ਸਿੱਖਾਂ ਦੇ ਅਸਧਾਰਨ ਯੋਗਦਾਨਾਂ ਨੂੰ ਉਜਾਗਰ ਕਰਦੇ ਹਨ, ਸਗੋਂ ਵਪਾਰ, ਚੈਰਿਟੀ, ਸਿੱਖਿਆ, ਪੇਸ਼ੇ, ਮੀਡੀਆ, ਸੇਵਾ (ਸਵਾਰਥ ਸਵੈ-ਇੱਛੁਕ ਸੇਵਾ), ਖੇਡਾਂ ਅਤੇ ਮਨੋਰੰਜਨ ਵਰਗੀਆਂ ਸ਼੍ਰੇਣੀਆਂ ਵਿੱਚ ਉਹਨਾਂ ਦੀਆਂ ਪ੍ਰਾਪਤੀਆਂ ਨੂੰ ਵੀ ਮਾਨਤਾ ਦਿੰਦੇ ਹਨ।ਉਨ੍ਹਾਂ ਦੱਸਿਆ ਕਿ ਇਸ ਐਵਾਰਡ ਲਈ ਨਾਮਜ਼ਦਗੀਆਂ ਭਰਨ ਦੇ ਨਾਲ-ਨਾਲ ਇਸ ਦੀ ਚੋਣ ਦਾ ਸਿੱਖ ਐਵਾਰਡ ਦੀ ਟੀਮ ਅਤੇ ਜੱਜਾਂ ਦੀ ਜਿਊਰੀ ਵੱਲੋਂ ਕੀਤੀ ਜਾਂਦੀ ਹੈ। ਸਮਾਗਮ ਵਿੱਚ ਵਿਸ਼ੇਸ਼ ਸਨਮਾਨਾਂ ਵਿੱਚ ਪੀਪਲਜ਼ ਚੁਆਇਸ ਅਵਾਰਡ, ਲਾਈਫਟਾਈਮ ਅਚੀਵਮੈਂਟ ਅਵਾਰਡ ਅਤੇ ਵਿਸ਼ੇਸ਼ ਮਾਨਤਾ ਪੁਰਸਕਾਰ ਸ਼ਾਮਲ ਹੁੰਦੇ ਹਨ।

ਰੋਜ਼ਾਨਾ ਲੋਕ ਬਾਣੀ
www.lokbani

# ਸ਼ੱਕ ਦੇ ਆਧਾਰ ਤੇ ਭਰਾ ਨੇ ਕੀਤਾ ਭੈਣ ਦਾ ਕਤਲ, ਪੁਲਿਸ ਨੇ ਮੁਲਜ਼ਮ ਨੂੰ ਕੀਤਾ ਗ੍ਰਿਫਤਾਰ



ਬਾਘਾ ਪੁਰਾਣਾ- (ਲੋਕ ਬਾਣੀ)- ਜ਼ਿਲ੍ਹੇ ਦੇ ਪਿੰਡ ਬਾਘਾ ਪੁਰਾਣਾ ਵਿੱਚ ਉਸ ਸਮੇਂ ਸਨਸਨੀ ਫੈਲ ਗਈ ਜਦੋਂ ਇੱਕ ਭਰਾ ਨੇ ਆਪਣੀ ਭੈਣ ਦਾ ਕਤਲ ਕਰ ਦਿੱਤਾ। ਅਸਲ ਮਾਮਲਾ ਪਿੰਡ ਵੈਰੋਕੇ ਦਾ ਹੈ ਜਿੱਥੇ ਮਾਮਪਾਲ ਸਿੰਘ ਨਾਂ ਦੇ ਸ਼ਖਸ ਨੇ ਆਪਣੀ ਭੈਣ ਵੀਰਪਾਲ ਕੌਰ ਦਾ ਕਤਲ ਕਰ ਦਿੱਤਾ। ਮੁਲਜ਼ਮਾਂ ਨੂੰ ਮਨਪਾਲ ਸਿੰਘ ਦੇ ਉਸ ਦੀ ਭੈਣ ਨਾਲ ਨਾਜਾਇਜ਼ ਸਬੰਧ ਹੋਣ ਦਾ ਸ਼ੱਕ ਸੀ। ਮੁਲਜ਼ਮ ਨੇ ਇਹ ਵਾਰਦਾਤ ਆਪਣੀ ਦਾਦੀ ਦੀ ਹਾਜ਼ਰੀ ਵਿੱਚ ਕੀਤੀ।

ਮ੍ਰਿਤਕ ਦੀ ਦਾਦੀ ਰਾਣੀ ਕੌਰ ਨੇ ਪੁਲਿਸ ਨੂੰ ਦੱਸਿਆ ਕਿ ਮਾਮਪਾਲ ਸਿੰਘ ਨੇੜੇ ਪਿੰਡ ਵੈਰੋਕੇ ਵਿੱਚ ਆਪਣੀ ਭੈਣ ਵੀਰਪਾਲ ਕੌਰ ਨਾਲ ਰਹਿੰਦਾ ਸੀ। ਮੇਮਪਾਲ ਸਿੰਘ ਨੂੰ ਆਪਣੀ ਭੈਣ ਤੇ ਸ਼ੱਕ ਸੀ ਅਤੇ ਬੀਤੇ ਦਿਨ ਜਦੋਂ ਵੀਰਪਾਲ ਕੌਰ ਘਰ ਆਈ ਤਾਂ ਉਨ੍ਹਾਂ ਵਿਚ ਤਕਰਾਰ ਹੋ ਗਿਆ ਅਤੇ ਮੇਮਪਾਲ ਸਿੰਘ ਨੇ ਆਪਣੀ ਭੈਣ ਵੀਰਪਾਲ ਕੌਰ ਦਾ ਕਤਲ ਕਰ ਦਿੱਤਾ। ਮ੍ਰਿਕ ਦੀ ਦਾਦੀ ਦੇ ਦੱਸਣ ਮੁਤਾਬਿਕ ਮਮਪਾਲ ਸਿੰਘ ਨੇ ਫਿਰ ਸਾਨੂੰ ਚੁੱਪ ਕਰਵਾ ਦਿੱਤਾ ਅਤੇ ਚਾਦਰ ਚੋਂ ਖ਼ੂਨ ਸਾਫ਼ ਕਰਨ ਤੋਂ ਬਾਅਦ ਮ੍ਰਿਤਕ ਵੀਰਪਾਲ ਦੇ ਸਿਰ ਤੇ ਰੁਮਾਲ ਬੰਨ੍ਹ ਕੇ ਦੂਸਰੀ ਗੇਂਦ ਨਾਲ ਢੱਕ ਦਿੱਤਾ । ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਡੀਐਸਪੀ ਜੋਰਾ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਪਿੰਡ ਵੇਰੋਕੇ ਵਿੱਚ ਵੀਰਜੋਤ ਕੌਰ ਨਾਂ ਦੀ ਲੜਕੀ ਦਾ ਕਤਲ ਕਰ ਦਿੱਤਾ ਗਿਆ ਹੈ। ਦਾਦੀ ਦੇ ਬਿਆਨ ਤੇ ਮਾਮਲਾ ਦਰਜ ਕਰਕੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

# ਫਿਰੋਜ਼ਪੁਰ ਪੁਲਿਸ ਨੇ ਨਸ਼ਾ ਤਸਕਰ ਦੀ 70 ਲੱਖ 45 ਹਜ਼ਾਰ ਰੁਪਏ ਦੀ ਪ੍ਰਾਪਰਟੀ ਕੀਤੀ ਫਰੀਜ਼

(ਲੋਕ ਬਾਣੀ)- ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਨਸ਼ੇ ਦੇ ਖਿਲਾਫ ਸਖ਼ਤ ਕਾਰਵਾਈਆ ਅਪਣਾਇਆ ਗਿਆ ਹੈ। ਇਸੇ ਤਰ੍ਹਾਂ ਹੀ ਪੰਜਾਬ ਸਰਕਾਰ ਵੱਲੋਂ ਨਸ਼ਾ ਵਿੱਚ ਕਿ ਬਣਾਈਆਂ ਗਈਆਂ ਪ੍ਰਾਪਰਟੀਆਂ ਨੂੰ ਫਰੀਜ ਕਰਨ ਦਾ ਸਿਲਸਿਲਾ ਲਗਾਤਾਰ ਜਾਰੀ ਕੀਤਾ ਗਿਆ ਹੈ। ਇਸੇ ਤਰ੍ਹਾਂ ਫਿਰੋਜ਼ਪੁਰ ਦੇ ਜੀਰਾ ਥਾਣਾ ਸਦਰ ਤੇ ਵਿਧਾਨ ਸਭਾ ਹਲਕਾ ਵਿੱਚ ਕਰੋੜਾਂ ਰੁਪਏ ਦੀਆਂ ਪ੍ਰਾਪਰਟੀਆਂ ਫਰੀਜ ਕੀਤੀਆਂ ਗਈਆਂ ਹਨ। ਵਿਧਾਨ ਸਭਾ ਹਲਕਾ ਜੀਰਾ ਦੇ ਪਿੰਡ ਹਰਦਾਸ ਸਾਹਿਬ ਵਿੱਚ ਅੱਜ 70 ਲੱਖ 45 ਹਜਾਰ ਦੀ ਪ੍ਰਾਪਰਟੀ ਫਰੀਜ਼ ਕੀਤੀ ਗਈ ਹੈ।



ਇਸ ਮੌਕੇ ♥8® ਥਾਣਾ ਸਦਰ ਜੀਰਾ ਵੱਲੋਂ ਦੱਸਿਆ ਗਿਆ ਕਿ ਐਸਐਸਪੀ ਫਿਰੋਜ਼ਪੁਰ ਸੋਮਿਆ ਮਿਸ਼ਰਾ ਤੇ ਡੀਐਸਪੀ ਗੁਰਦੀਪ ਸਿੰਘ ਜੀਰਾ ਵੱਲੋਂ ਜੋ ਕਾਰਵਾਈ ਲਿਖਤੀ ਰੂਪ ਵਿੱਚ ਦਿੱਲੀ ਅਥੋਰਟੀ ਨੂੰ ਭੇਜੀ ਗਈ ਸੀ। ਉਸ ਦੇ ਤਹਿਤ ਇਹ ਪ੍ਰੋਪਰਟੀ ਫਰੀਜ ਕਰਨ ਦੇ ਹੁਕਮ ਦਿੱਤੇ ਗਏ। ਜਿਸ ਨੂੰ ਅੱਜ ਫਰੀਜ਼ ਕਰਨ ਵਾਸਤੇ ਇੱਥੇ ਪੋਸਟ ਲਗਾਇਆ ਗਿਆ ਹੈ। ਇਸ ਮੌਕੇ ਐਸਐਚਓ ਸਦਰ ਬਲਜਿੰਦਰ ਸਿੰਘ ਵੱਲੋਂ ਜਾਣਕਾਰੀ ਦਿੱਤੀ ਕਿ ਸਹਿਜਪ੍ਰੀਤ ਸਿੰਘ ਪੁੱਤਰ ਪੁਪਿੰਦਰ ਸਿੰਘ ਜਿਸ ਦੇ ਖਿਲਾਫ ਅਲੱਗ-ਅਲੱਗ ਧਾਰਾਵਾਂ ਦੇ ਤਹਿਤ ਤਿੰਨ ਮਾਮਲੇ ਦਰਜ ਹਨ। ਜਿਸ ਦੀ ਅੱਜ 70 ਲੱਖ 45 ਹਜਾਰ ਰੁਪਏ ਦੀ ਪ੍ਰੋਪਰਟੀ ਫਰੀਜ ਕੀਤੀ ਗਈ ਹੈ। ਉਨ੍ਹਾਂ ਵੱਲੋਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਗਲਤ ਰਸਤੇ ਛੱਡ ਕੇ ਸਹੀ ਢੰਗ ਨਾਲ ਜ਼ਿੰਦਗੀ ਬਤੀਤ ਕਰਨ, ਨਹੀਂ ਤਾਂ ਕਾਨੂੰਨ ਵੱਲੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਇੱਥੇ ਦੱਸਣਯੋਗ ਹੈ ਕਿ ਵਿਧਾਨ ਸਭਾ ਹਲਕਾ ਜੀਰਾ ਦੇ ਪਿੰਡ ਹਰਦਾਸ ਸਾਹਿਬ ਵਿੱਚ ਅੱਜ 70 ਲੱਖ 45 ਹਜਾਰ ਦੀ ਪ੍ਰਾਪਰਟੀ ਫਰੀਜ਼ ਕੀਤੀ ਗਈ ਹੈ। ਜਾਣਕਾਰੀ ਮੁਤਾਬਕ ਸਹਿਜਪ੍ਰੀਤ ਸਿੰਘ ਪੁੱਤਰ ਪੁਪਿੰਦਰ ਸਿੰਘ ਜਿਸ ਦੇ ਖਿਲਾਫ ਅਲੱਗ-ਅਲੱਗ ਧਾਰਾਵਾਂ ਦੇ ਤਹਿਤ ਤਿੰਨ ਮਾਮਲੇ ਦਰਜ ਕੀਤੇ ਗਏ ਹਨ। ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਨਸ਼ੇ ਦੇ ਖਿਲਾਫ ਸਖ਼ਤ ਕਾਰਵਾਈਆ ਅਪਣਾਉਦਿਆਂ ਅੱਜ ਸਹਿਜਪ੍ਰੀਤ ਸਿੰਘ ਦੀ 70 ਲੱਖ 45 ਹਜਾਰ ਰੁਪਏ ਦੀ ਪ੍ਰੋਪਰਟੀ ਫਰੀਜ ਕੀਤੀ ਗਈ ਹੈ। ਹੁਣ ਦੇਖਣਾ ਇਹ ਹੈ ਕਿ ਇਸ ਘਟਨਾ ਤੋਂ ਬਾਅਦ ਹੋਰ ਕਿੰਨੇ ਕੁ ਨਸ਼ਾ ਤਸਕਰ ਜਾਣੂ ਹੁੰਦੇ ਹਨ ਕਿ ਉਹ ਇਹ ਸਭ ਕੰਮ ਕਰਨ ਤੋਂ ਪਰਹੇਜ਼ ਕਰਨ।

# ਬੱਸਾਂ ਚ ਸ.ਫਰ ਕਰਨ ਵਾਲੇ ਹੋਣ ਜਾਓ ਸਾਵਧਾਨ !! ਪ੍ਰਾਈਵੇਟ ਬੱਸਾਂ ਵਾਲਿਆਂ ਵਲੋਂ ਪੰਜਾਬ ਬੰਦ ਦੀ ਹਮਾਇਤ



ਮਾਨਸਾ (ਲੋਕ ਬਾਣੀ)- ਮਾਨਸਾ ਦੇ ਸਾਰੇ ਪ੍ਰਾਈਵੇਟ ਬੱਸ ਟਰਾਂਸਪੋਟਰਾਂ ਵੱਲੋ 30 ਦਸੰਬਰ ਨੂੰ ਭਾਰਤੀ ਕਿਸਾਨ ਯੂਨੀਅਨ ਦੇ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਨੂੰ ਮੁੱਖ ਰੱਖ ਕੇ ਪੰਜਾਬ ਬੰਦ ਦੇ ਸੱਦੇ ਦੀ ਹਮਾਇਤ ਜ਼ਿਲ੍ਹਾ ਪ੍ਰਾਈਵੇਟ ਬੱਸ ਅਪਰੇਟਰਜ ਯੂਨੀਅਨ ਵੱਲੋ ਕੀਤੀ ਗਈ ਹੈ। ਉਸ ਦਿਨ ਸਾਰੀ ਟਰਾਸਪੋਰਟ ਬੰਦ ਰਹੇਗੀ। ਇਹ ਜਾਣਕਾਰੀ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਵਲੋਂ ਯੂਨੀਅਨ ਦੀ ਮੀਟਿੰਗ ਤੋਂ ਬਾਅਦ ਦਿੱਤੀ ਗਈ, ਜਿਸ ਵਿਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ।

# ਹਲਵਾਰਾ ਤੋਂ ਏਅਰਲਾਈਨ ਦੇ ਸੰਚਾਲਨ ਲਈ ਬੋਲੀ ਪ੍ਰਕਿਰਿਆ ਜਲਦੀ ਸ਼ੁਰੂ ਕੀਤੀ ਜਾਵੇਗੀ: ਕੇਂਦਰੀ ਮੰਤਰੀ ਰਵਨੀਤ ਸਿੰਘ

ਲੁਧਿਆਣਾ, (ਲੋਕ ਬਾਣੀ)- ਰੇਲ ਅਤੇ ਫੂਡ ਪ੍ਰੋਸੈਸਿੰਗ ਉਦਯੋਗਾਂ ਦੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਦੁਆਰਾ ਐਲਾਨ ਕੀਤੇ ਅਨੁਸਾਰ, ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਯਾਤਰੀ ਏਅਰਲਾਈਨਾਂ ਦੇ ਸੰਚਾਲਨ ਲਈ ਬੋਲੀ ਦੀ ਪ੍ਰਕਿਰਿਆ ਜਲਦੀ ਹੀ ਸ਼ੁਰੂ ਹੋਵੇਗੀ। ਸਟੇਕਹੋਲਡਰਾਂ ਨਾਲ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੌਰਾਨ, ਸਿੰਘ ਨੇ ਇਸ ਗੱਲ ਤੇ ਜ਼ੋਰ ਦਿੱਤਾ ਕਿ ਹਲਵਾਰਾ ਤੋਂ ਵਪਾਰਕ ਉਡਾਣਾਂ ਛੇ ਮਹੀਨਿਆਂ ਦੇ ਅੰਦਰ ਸ਼ੁਰੂ ਹੋਣ ਦੀ ਉਮੀਦ ਹੈ, ਸ਼ਹਿਰੀ ਹਵਾਬਾਜ਼ੀ ਮੰਤਰਾਲਾ ਜਲਦੀ ਹੀ ਪ੍ਰਕਿਰਿਆ ਸ਼ੁਰੂ ਕਰਨ ਲਈ ਤਿਆਰ ਹੈ। ਉਨ੍ਹਾਂ ਇਸ ਮਾਮਲੇ ਨੂੰ ਜਲਦੀ ਹੱਲ ਕਰਨ ਲਈ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਨਾਲ ਆਪਣੇ ਨਿੱਜੀ ਦਖਲ ਦਾ ਵੀ ਭਰੋਸਾ ਦਿੱਤਾ।

ਏਅਰ ਫੋਰਸ, ਏਅਰਪੋਰਟ ਅਥਾਰਟੀਜ਼ ਅਤੇ ਪੰਜਾਬ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਦੇ ਨਾਲ ਹਵਾਈ ਅੱਡੇ ਦਾ ਨਿਰੀਖਣ ਕਰਨ ਤੋਂ ਬਾਅਦ, ਸਿੰਘ ਨੇ ਪੁਸ਼ਟੀ ਕੀਤੀ ਕਿ ਟਰਮੀਨਲ ਦੀ ਇਮਾਰਤ ਦਾ ਨਿਰਮਾਣ ਫਰਵਰੀ 2025 ਤੱਕ ਪੂਰਾ ਕਰ ਲਿਆ ਜਾਵੇਗਾ। ਸਾਰੇ ਹਿੱਸੇਦਾਰਾਂ ਨੇ ਇਸ ਸਮਾਂ-ਸੀਮਾ ਦੀ ਪਾਲਣਾ ਕਰਨ ਲਈ ਵਚਨਬੱਧ ਕੀਤਾ ਹੈ। ਚਾਰਦੀਵਾਰੀ, ਟੈਕਸੀਵੇਅ ਅਤੇ ਰਨਵੇ ਸਮੇਤ ਮੁੱਖ ਬੁਨਿਆਦੀ ਢਾਂਚੇ ਦੇ ਕੰਮ ਚੰਗੀ ਤਰ੍ਹਾਂ ਚੱਲ ਰਹੇ ਹਨ। ਉਸਾਰੀ ਬਾਰੇ ਅੱਪਡੇਟ ਵਿੱਚ ਸ਼ਾਮਲ ਹਨ:

ਟੈਕਸੀਵੇਅ ਏ ਓਵਰਲੇਇੰਗ: 95% ਪੂਰਾ ਹੋਇਆ

ਟੈਕਸੀਵੇਅ ਡੀ ਓਵਰਲੇਇੰਗ: 60% ਪੂਰਾ ਹੋਇਆ

916 ਪਰਿਸਰ ਦੇ ਅੰਦਰ ਨਵਾਂ ਲਿੰਕ ਟੈਕਸੀਵੇਅ: 80% ਪੂਰਾ ਹੋਇਆ

ਰਨਵੇ ਓਵਰਲੇਇੰਗ (916 ਦੁਆਰਾ ਸੰਭਾਲਿਆ ਗਿਆ): ਪੂਰਾ ਹੋਣ ਦੇ ਨੇੜੇ

ਸੁਰੱਖਿਆ ਉਪਕਰਨਾਂ ਦੀ ਸਥਾਪਨਾ ਅਤੇ ਅੰਤਿਮ ਸੁਰੱਖਿਆ ਜਾਂਚ ਜਨਵਰੀ 2025 ਲਈ ਤਹਿ ਕੀਤੀ ਗਈ ਹੈ। ਇਸ ਦੇ ਨਾਲ ਹੀ, ਏਅਰਲਾਈਨ ਆਪਰੇਟਰ ਦੀ ਪਛਾਣ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ। ਇੱਕ ਵਾਰ ਅੰਤਿਮ ਰੂਪ ਦਿੱਤੇ ਜਾਣ ਤੇ, 500 ਕਰੋੜ ਰੁਪਏ ਦੀ ਅੰਦਾਜ਼ਨ ਲਾਗਤ ਨਾਲ, ਮੁੱਖ ਟਰਮੀਨਲ ਦੀ ਇਮਾਰਤ ਦਾ ਨਿਰਮਾਣ ਸ਼ੁਰੂ ਹੋ ਜਾਵੇਗਾ। ਉਦੋਂ ਤੱਕ, ਹਵਾਈ ਅੱਡਾ ਅੰਤਰਿਮ ਟਰਮੀਨਲ ਤੋਂ ਕੰਮ ਕਰੇਗਾ।




ਨਿਰਵਿਘਨ ਸੰਪਰਕ ਨੂੰ ਯਕੀਨੀ ਬਣਾਉਣ ਲਈ, ਸਿੰਘ ਨੇ ਰਾਸ਼ਟਰੀ ਰਾਜਮਾਰਗ ਤੋਂ ਹਵਾਈ ਅੱਡੇ ਤੱਕ ਸਿੱਧੀ ਪਹੁੰਚ ਵਾਲੀ ਸੜਕ ਬਣਾਉਣ ਲਈ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ (©819) ਨਾਲ ਸੰਪਰਕ ਕਰਨ ਦੀਆਂ ਯੋਜਨਾਵਾਂ ਦਾ ਐਲਾਨ ਕੀਤਾ। ਇੱਕ ਵਾਰ ਯਾਤਰੀ ਸੰਚਾਲਨ ਸ਼ੁਰੂ ਹੋਣ ਤੋਂ ਬਾਅਦ ਮੌਜੂਦਾ ਸੜਕ ਵਧੇ ਹੋਏ ਵਾਹਨਾਂ ਦੀ ਆਵਾਜਾਈ ਲਈ ਨਾਕਾਫ਼ੀ ਹੈ। ਇੱਕ ਚੌੜਾ ਅਤੇ ਵਧੇਰੇ ਕੁਸ਼ਲ ਰਸਤਾ ਯਾਤਰੀਆਂ ਦੀ ਸਹੂਲਤ ਵਿੱਚ ਵਾਧਾ ਕਰੇਗਾ।

ਹਲਵਾਰਾ ਹਵਾਈ ਅੱਡੇ ਦੀ ਰਣਨੀਤਕ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਸਿੰਘ ਨੇ ਪੰਜਾਬ ਵਿੱਚ ਇਸਦੇ ਕੇਂਦਰੀ ਸਥਾਨ ਨੂੰ ਨੋਟ ਕੀਤਾ। ਇਹ ਹਵਾਈ ਅੱਡਾ ਸਿਰਫ਼ ਲੁਧਿਆਣਾ ਹੀ ਨਹੀਂ, ਸਗੋਂ ਪੂਰੇ ਮਾਲਵਾ ਅਤੇ ਦੋਆਬਾ ਖੇਤਰਾਂ ਲਈ ਵੀ ਸੇਵਾ ਕਰੇਗਾ, ਜਿਸ ਨਾਲ ਦੇਸ਼ ਭਰ ਵਿੱਚ ਅਤੇ ਅੰਤ ਵਿੱਚ, ਅੰਤਰਰਾਸ਼ਟਰੀ ਪੱਧਰ ਤੇ ਵਪਾਰਕ ਅਤੇ ਯਾਤਰੀ ਸੰਪਰਕ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਇੱਕ ਵੱਡਾ ਕਾਰਗੋ ਟਰਮੀਨਲ ਵਿਕਸਤ ਕੀਤਾ ਜਾਵੇਗਾ, ਜਿਸ ਨਾਲ ਪੰਜਾਬ ਦੇ ਕਾਰੋਬਾਰਾਂ, ਵਪਾਰੀਆਂ ਅਤੇ ਉਦਯੋਗਾਂ ਨੂੰ ਮਹੱਤਵਪੂਰਨ ਹੁਲਾਰਾ ਮਿਲੇਗਾ।

ਮੰਤਰੀ ਦੇ ਨਾਲ ਮਾਲਵਿੰਦਰ ਸਿੰਘ ਜੱਗੀ, ਪੰਜਾਬ ਸਰਕਾਰ ਦੇ ਸ਼ਹਿਰੀ ਹਵਾਬਾਜ਼ੀ ਵਿਭਾਗ ਦੇ ਸਕੱਤਰ ਡਾ. ਸ਼. ਐੱਸ.ਕੇ. ਗੁਪਤਾ, ਜਨਰਲ ਮੈਨੇਜਰ, 119; ਪੰਕਜ ਕੁਮਾਰ, *91* ਦੇ ਸੀ.ਈ.ਓ. ਸ਼. ਐੱਸ.ਕੇ. ਸਿਨਹਾ ਏਅਰ ਫੋਰਸ ਹਲਵਾਰਾ ਤੋਂ, ਅਤੇ ਲੋਕ ਨਿਰਮਾਣ ਵਿਭਾਗ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ।

## ਬਰਫ ਚ ਫਸੇ ਸੈਲਾਨੀਆਂ ਲਈ ਦੂਤ ਬਣੀ ਫੌਜ, ਚਿਨਾਰ ਕੋਰ ਨੇ 68 ਲੋਕਾਂ ਨੂੰ ਬਚਾਇਆ



(ਲੋਕ ਬਾਣੀ)- ਭਾਰਤੀ ਫੌਜ ਨੇ ਗੁਲਮਰਗ ਦੇ ਰਸਤੇ ਚ ਫਸੇ ਕਈ ਸੈਲਾਨੀਆਂ ਨੂੰ ਬਚਾਇਆ ਹੈ। ਭਾਰਤੀ ਫੌਜ ਦੀ ਚਿਨਾਰ ਕੋਰ ਨੇ ਇਸ ਮਿਸ਼ਨ ਨੂੰ ਅੰਜਾਮ ਦਿੱਤਾ ਹੈ। ਚਿਨਾਰ ਵਾਰੀਅਰਜ਼ ਨੂੰ ਸੈਲਾਨੀਆਂ ਦੇ ਫਸੇ ਹੋਣ ਦੀ ਸੂਚਨਾ ਸਿਵਲ ਪ੍ਰਸ਼ਾਸਨ ਤੋਂ ਮਿਲੀ ਸੀ। ਇਸ ਮੁਤਾਬਕ ਸੈਲਾਨੀ ਗੁਲਮਰਗ ਅਤੇ ਤਨਮਰਗ ਜਾ ਰਹੇ ਸਨ। ਇਸ ਦੌਰਾਨ ਭਾਰੀ ਬਰਫਬਾਰੀ ਕਾਰਨ ਸੈਲਾਨੀ ਇੱਥੇ ਫਸ ਗਏ। ਚਿਨਾਰ ਕੋਰ ਮੁਤਾਬਕ ਇਸ ਦੌਰਾਨ ਕੁੱਲ 68 ਲੋਕਾਂ ਨੂੰ ਬਚਾਇਆ ਗਿਆ। ਇਨ੍ਹਾਂ ਵਿੱਚ 30 ਔਰਤਾਂ, 30 ਪੁਰਸ਼ ਅਤੇ 8 ਬੱਚੇ ਸ਼ਾਮਲ ਹਨ। ਇਸ ਤੋਂ ਬਾਅਦ ਸਾਰੇ 137 ਸੈਲਾਨੀਆਂ ਨੂੰ ਗਰਮ ਭੋਜਨ, ਆਸਰਾ ਅਤੇ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ।

ਚਿਨਾਰ ਵਾਰੀਅਰ ਨੇ ਆਪਣੇ ਟਵੀਟ ਚ ਇਸ ਦੀ ਜਾਣਕਾਰੀ ਦਿੱਤੀ ਹੈ। ਦੱਸਿਆ ਜਾਂਦਾ ਹੈ ਕਿ ਚਿਨਾਰ ਕੋਰ ਨੂੰ ਸਿਵਲ ਪ੍ਰਸ਼ਾਸਨ ਦਾ ਫੋਨ ਆਇਆ ਸੀ। ਇਸ ਤੋਂ ਬਾਅਦ ਬਚਾਅ ਮੁਹਿੰਮ ਚਲਾਈ ਗਈ। ਇਸ ਦੇ ਅਨੁਸਾਰ ਚਿਨਾਰ ਵਾਰੀਅਰਜ਼ ਨੇ ਕੁਲਗਾਮ ਦੇ ਮੁਨਾਦ ਪਿੰਡ ਦੀ ਇੱਕ ਗਰਭਵਤੀ ਔਰਤ ਨੂੰ ਬਚਾਉਣ ਲਈ ਐਮਰਜੈਂਸੀ ਸੰਕਟ ਕਾਲ ਦਾ ਜਵਾਬ ਦਿੱਤਾ। ਭਾਰੀ ਬਰਫਬਾਰੀ ਦੌਰਾਨ ਬਚਾਅ ਟੀਮ ਸਮੇਂ ਤੇ ਮੌਕੇ ਤੇ ਪਹੁੰਚ ਗਈ। ਤੁਰੰਤ ਜੀਵਨ ਬਚਾਉਣ ਵਾਲੀ ਡਾਕਟਰੀ ਸਹਾਇਤਾ ਪ੍ਰਦਾਨ ਕੀਤੀ ਗਈ ਅਤੇ ਮਰੀਜ਼ ਨੂੰ ਯਾਰੀਪੋਰਾ ਦੇ ਸਰਕਾਰੀ ਹਸਪਤਾਲ ਲਿਜਾਇਆ ਗਿਆ।

ਜ਼ਿਕਰਯੋਗ ਹੈ ਕਿ ਚਿਨਾਰ ਕੋਰ ਦਾ ਨਾਂ ਇੱਥੋਂ ਦੇ ਚਿਨਾਰ ਦਰਖਤ ਦੇ ਨਾਂ ਤੇ ਰੱਖਿਆ ਗਿਆ ਹੈ। ਫੌਜ ਦੀ ਇਹ ਟੀਮ ਜੰਮੂ-ਕਸ਼ਮੀਰ ਦੇ ਪੂਰਬੀ ਅਤੇ ਉੱਤਰੀ ਖੇਤਰਾਂ ਚ ਸੁਰੱਖਿਆ ਪ੍ਰਬੰਧਾਂ ਨੂੰ ਦੇਖਦੀ ਹੈ। ਦੱਸ ਦੇਈਏ ਕਿ ਜੰਮੂ-ਕਸ਼ਮੀਰ ਚ ਮੌਸਮ ਖਰਾਬ ਹੈ। ਮੁੱਖ ਮੰਤਰੀ ਉਮਰ ਅਬਦੁੱਲਾ ਮੁਤਾਬਕ ਜੰਮੂ-ਕਸ਼ਮੀਰ ਦੇ ਅਨੰਤਨਾਗ ਦੇ ਕਾਜ਼ੀਗੁੰਡ ਸ਼ਹਿਰ ਚ ਬਰਫਬਾਰੀ ਕਾਰਨ ਕਰੀਬ 2000 ਵਾਹਨ ਫਸੇ ਹੋਏ ਹਨ।

## ਹਵਾਈ ਅੱਡੇ ਤੇ ਨਵੀਨਤਮ ਸਕੈਨਰ ਲਈ ਸਿਵਲ ਏਵੀਏਸ਼ਨ ਸਕਿਉਰਿਟੀ ਕਲੀਅਰੈਂਸ ਦੀ ਉਡੀਕ, ਮੰਤਰੀ ਨੇ ਅਰੋੜਾ ਨੂੰ ਦੱਸਿਆ



ਲੁਧਿਆਣਾ, (ਲੋਕ ਬਾਣੀ)-: ਭਾਰਤ ਦੇ ਏਵੀਏਸ਼ਨ ਸਕਿਉਰਿਟੀ ਰੈਗੂਲੇਟਰ, ਬਿਊਰੋ ਆਫ਼ ਸਿਵਲ ਏਵੀਏਸ਼ਨ ਸਕਿਉਰਿਟੀ (ਬੀ.ਸੀ.ਏ.ਐਸ.) ਨੇ ਨਵੇਂ ਅਤੇ ਪ੍ਰਮੁੱਖ ਹਵਾਈ ਅੱਡਿਆਂ ਤੇ ਸੀਟੀਐਕਸ ਦੀ ਸਥਾਪਨਾ ਦੀ ਕਲਪਨਾ ਕੀਤੀ ਹੈ, ਤਾਂਕਿ ਸੁਰੱਖਿਆ ਜਾਂਚ ਦੌਰਾਨ ਹੈਂਡ ਬੈਗੇਜ ਤੋਂ ਇਲੈਕਟ੍ਰਾਨਿਕ ਵਸਤੂਆਂ ਨੂੰ ਹਟਾਇਆ ਨਾ ਜਾ ਸਕੇ।

ਸ਼ਹਿਰੀ ਹਵਾਬਾਜ਼ੀ ਰਾਜ ਮੰਤਰੀ ਮੁਰਲੀਧਰ ਮੋਹੋਲ ਨੇ ਰਾਜ ਸਭਾ ਦੇ ਹਾਲ ਹੀ ਵਿੱਚ ਸਮਾਪਤ ਹੋਏ ਸਰਦ ਰੁੱਤ ਇਜਲਾਸ ਵਿੱਚ ਲੁਧਿਆਣਾ ਦੇ ਸੰਸਦ ਮੈਂਬਰ (ਰਾਜ ਸਭਾ) ਸੰਜੀਵ ਅਰੋੜਾ ਵੱਲੋਂ ਪੁੱਛੇ ਗਏ ਏਅਰਪੋਰਟਾਂ ਉੱਤੇ ਐਡਵਾਂਸਡ ਟੈਕਨਾਲੋਜੀ ਸਕੈਨਰ ਬਾਰੇ ਪੁੱਛੇ ਸਵਾਲਾਂ ਦੇ ਜਵਾਬ ਵਿੱਚ ਇਹ ਗੱਲ ਕਹੀ।

ਅਰੋੜਾ ਨੇ ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੰਤਰੀ ਨੇ ਆਪਣੇ ਜਵਾਬ ਵਿੱਚ ਅੱਗੇ ਕਿਹਾ ਕਿ ਸੀਟੀਐਕਸ ਦਾ ਰੋਲਆਊਟ ਬੀਸੀਏਐਸ ਵੱਲੋਂ ਟੈਕਨੀਕਲ ਸਪੇਸੀਫਿਕੇਸ਼ਨਾਂ ਅਤੇ ਸਟੈਂਡਰਡ ਓਪਰੇਟਿੰਗ ਪ੍ਰਕਿਰਿਆ ਦੇ ਵਿਕਾਸ ਲਈ ਲੰਬਿਤ ਹੈ। ਐਮਪੀ ਅਰੋੜਾ ਨੇ ਇਹ ਸਵਾਲ ਪਹਿਲਾਂ ਵੀ ਪੁੱਛਿਆ ਸੀ ਪਰ ਉਨ੍ਹਾਂ ਨੂੰ ਉਸ ਸਮੇਂ ਵੀ ਇਹੀ ਜਵਾਬ ਮਿਲਿਆ ਸੀ। ਅਰੋੜਾ ਨੇ ਕਿਹਾ ਕਿ ਇਸ ਵਿੱਚ ਉਮੀਦ ਤੋਂ ਵੱਧ ਸਮਾਂ ਲੱਗ ਰਿਹਾ ਹੈ।

ਅਰੋੜਾ ਨੇ ਹਵਾਈ ਅੱਡਿਆਂ ਤੇ ਨਵੀਂ ਟੈਕਨਾਲੋਜੀ ਦੇ ਸਕੈਨਰਾਂ ਬਾਰੇ ਨਵੀਨਤਮ ਅਪਡੇਟ ਬਾਰੇ ਪੁੱਛਿਆ ਸੀ, ਜੋ ਸਕ੍ਰੀਨਿੰਗ ਦੌਰਾਨ ਇਲੈਕਟ੍ਰੌਨਿਕਸ ਵਸਤੂਆਂ ਨੂੰ ਬੈਗਾਂ ਵਿੱਚ ਰੱਖਣ ਦੀ ਆਗਿਆ ਦਿੰਦੇ ਹਨ। ਉਨ੍ਹਾਂ ਇਹ ਵੀ ਪੁੱਛਿਆ ਸੀ ਕਿ ਸੁਰੱਖਿਆ ਲਾਈਨਾਂ ਤੇ ਭੀੜ ਨੂੰ ਘੱਟ ਕਰਨ ਅਤੇ ਯਾਤਰੀਆਂ ਦੀ ਸਮੁੱਚੀ ਸਹੂਲਤ ਨੂੰ ਵਧਾਉਣ ਲਈ ਇਹ ਸਕੈਨਰ ਕਦੋਂ ਲਗਾਏ ਜਾਣਗੇ।

ਇਸ ਦੌਰਾਨ, ਅਰੋੜਾ ਨੇ ਕਿਹਾ ਕਿ ਮੁਸਾਫਰਾਂ ਨੂੰ ਚੈੱਕ-ਇਨ ਕਾਊਂਟਰ ਤੇ ਜਾਣ ਤੋਂ ਪਹਿਲਾਂ ਕਤਾਰ ਵਿੱਚ ਨਹੀਂ ਲੱਗਣਾ ਪਵੇਗਾ ਅਤੇ ਆਪਣੇ ਰਜਿਸਟਰਡ ਸਾਮਾਨ ਨੂੰ ਸਕੈਨ ਕਰਵਾਉਣ ਦੀ ਲੋੜ ਨਹੀਂ ਪਵੇਗੀ, ਜਿਸ ਨਾਲ ਯਾਤਰੀਆਂ ਦੀ ਪ੍ਰਕਿਰਿਆ ਤੇਜ਼ ਹੋਵੇਗੀ, ਕਤਾਰ ਚ ਘੱਟ ਤੋਂ ਘੱਟ ਸਮਾਂ ਲੱਗੇਗਾ ਅਤੇ ਚੈੱਕ-ਇਨ ਚ ਭੀੜ ਘੱਟ ਹੋਵੇਗੀ

## ਮੋਗਾ ਪੁਲੀਸ ਨੇ ਜਬਰੀ ਵਸੂਲੀ ਅਤੇ ਧਮਕੀਆਂ ਦੇਣ ਵਾਲੇ 4 ਵਿਅਕਤੀ ਕੀਤੇ ਕਾਬੂ

(ਲੋਕ ਬਾਣੀ)- ਪੰਜਾਬ ਦੇ ਮੋਗਾ ਜ਼ਿਲ੍ਹੇ ਦੀ ਪੁਲਿਸ ਨੇ ਰੈਡੀਮੇਂਟ ਦੀ ਦੁਕਾਨ ਕਰਨ ਵਾਲੇ ਤੋਂ ਜਬਰੀ ਵਸੂਲੀ ਕਰਨ ਵਾਲੇ 4 ਵਿਅਕਤੀ ਕਾਬੂ ਕੀਤੇ ਹਨ। ਇਸ ਸਬੰਧੀ ਐਸ ਪੀ ਮੋਗਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਮੋਗਾ ਵਿੱਚ ਇੱਕ ਰੈਡੀਮੇਂਟ ਦੀ ਦੁਕਾਨ ਕਰਨ ਵਾਲੇ ਨੂੰ ਪਿਛਲੇ ਦਿਨਾਂ ਤੋਂ ਅਣਪਛਾਤੇ ਨੰਬਰਾਂ ਤੋਂ ਫੋਨ ਕਰਕੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਸਨ ਤੇ 60 ਲੱਖ ਰੁਪਏ ਦੀ ਫਿਰੌਤੀ ਮੰਗੀ ਜਾ ਰਹੀ ਸੀ। ਜਦੋਂ ਇਸ ਸਬੰਧੀ ਮੋਗਾ ਪੁਲੀਸ ਨੂੰ ਪਤਾ ਲੱਗਾ ਤਾਂ ਉਨ੍ਹਾਂ ਡੀਐਸਪੀ ਰਵਿੰਦਰ ਸਿੰਘ ਦੀ ਅਗਵਾਈ ਵਿੱਚ 4 ਦੋਸ਼ੀਆਂ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ। ਪੁਲਿਸ ਦੇ ਪ੍ਰੈਸ ਨੋਟ ਮੁਤਾਬਕ :- ਮਿਤੀ 16.12.2024 ਨੂੰ ਮੁਦਈ ਬਜ਼ਾਰ ਮੋਗਾ ਵਿਖੇ ਆਪਣੀ ਦੁਕਾਨ ਤੇ ਮੌਜੂਦ ਸੀ ਤਾਂ ਉਸ ਦੇ ਮੋਬਾਇਲ ਨੰਬਰ ਤੇ ਇਕ ਅਣਪਛਾਤੇ ਨੰਬਰ ਤੋਂ ਵੱਖ-ਵੱਖ ਸਮੇਂ ਤੇ ਤਿੰਨ ਕਾਲਾ ਆਈਆਂ। ਜਿਸ ਨੇ ਕਿਹਾ ਕਿ ਉਹ ਗੈਂਗਸਟਰ ਅਰਸ਼ ਡਾਲਾ ਬੋਲਦਾ ਹੈ ਅਤੇ ਧਮਕੀ ਦਿੱਤੀ ਕਿ ਮੈਨੂੰ 60 ਲੱਖ ਰੁਪਏ ਦਿਓ ਨਹੀਂ ਤਾਂ ਮੈਂ ਤੁਹਾਡੇ ਸਾਰੇ ਪਰਿਵਾਰ ਨੂੰ ਮਾਰ ਦੇਵਾਂਗਾ। ਪਹਿਲੇ ਫੋਨ ਤੋਂ ਬਾਅਦ ਦੋਸ਼ੀਆਂ ਨੇ ਮੁਦਈ ਨੂੰ ਵਾਰ-ਵਾਰ 02 ਹੋਰ ਫੋਨ ਕਰਕੇ ਧਮਕਾਇਆ। ਇਸ ਸਬੰਧੀ ਇਤਲਾਹ ਮਿਲਣ ਤੇ ਮੋਗਾ ਪੁਲਿਸ ਵੱਲੋਂ ਮੁਕੱਦਮਾ ਨੰਬਰ 272 ਮਿਤੀ 26.12.2024 ਅ/ਧ 308(4). 308(5), 351(1), 351(3), 62 ਬੀ.ਐਨ.ਐਸ. ਥਾਣਾ ਸਿਟੀ





ਮੋਗਾ ਬਰਖਿਲਾਫ । ਸਿਮਰਨਜੀਤ ਸਿੰਘ ਵਾਸੀ ਕਿਰਾਏਦਾਰ ਮਕਾਨ ਮਾਲਕ ਰਿੱਕੂ ਸਿੰਘ, ਨੇੜੇ ਬੌਬੀ ਮਹੰਤ ਦਾ ਮੰਦਰ, ਕਬੀਰ ਨਗਰ, ਕਟਾਰੀਆ ਰੋਡ ਮੋਗਾ, 2,ਕਰਨ ਕੁਮਾਰ ਵਾਸੀ ਪ੍ਰਤਾਪਗੜ੍ਹ (ਯੂ.ਪੀ) ਹਾਲ ਵਾਸੀ ਗਲੀ ਨੰਬਰ 04, ਸਰਦਾਰ ਨਗਰ, ਨੇੜੇ ਆਰਾ ਰੋਡ ਮੋਗਾ, 3.ਸਦੀਪ ਸਿੰਘ ਵਾਸੀ ਨਿਗਾਹਾ ਰੋਡ, ਚੁੰਗੀ ਨੰਬਰ 03, ਮਕਾਨ ਨੰਬਰ 185, ਬੈਕ ਸਾਈਡ ਨੇੜੇ ਸਿਵੇ ਮੋਗਾ, 4.ਸੋਨੂੰ ਕੁਮਾਰ ਵਾਸੀ ਨੇੜੇ ਪਿੰਡ ਕੁਰਾਲੀ ਸ਼ਹਿਰ ਜਿਲ੍ਹਾ ਅਟਾਵਾ ਸ਼ਹਿਰ (ਯੂ.ਪੀ) ਹਾਲ ਬੁਰਜਾ ਫਾਟਕ, ਜਟੀਆ ਮੁਹੱਲਾ ਗਲੀ ਨੰਬਰ 03 ਮਲੋਟ ਜਿਲਾ ਸ੍ਰੀ ਮੁਕਤਸਰ ਸਾਹਿਬ ਹਾਲ ਕਿਰਾਏਦਾਰ ਅਕਾਲਸਰ ਗੁਰਦੁਆਰਾ ਦੇ ਸਾਹਮਣੇ ਅਕਾਲਸਰ ਰੋਡ ਮੋਗਾ ਦਰਜ ਰਜਿਸਟਰ ਕੀਤਾ। ਮੁੱਢਲੀ ਤਫਤੀਸ਼ ਤੋਂ ਇਹ ਤੱਥ ਸਾਹਮਣੇ ਆਇਆ ਕਿ ਦੋਸ਼ੀ ਸਿਮਰਨਜੀਤ ਸਿੰਘ ਵਾਸੀ ਕਿਰਾਏਦਾਰ ਮਕਾਨ ਮਾਲਕ ਰਿੱਕੂ ਸਿੰਘ, ਨੇੜੇ ਬੌਬੀ ਮਹੰਤ ਦਾ ਮੰਦਰ, ਕਬੀਰ ਨਗਰ, ਕਟਾਰੀਆ ਰੋਡ ਮੋਗਾ ਮੁੱਦਈ ਦੀ ਦੁਕਾਨ ਪਰ ਕੰਮ ਕਰਦਾ ਸੀ ਜਿਸ ਕਰਕੇ ਇਸ ਦੋਸ਼ੀ ਨੂੰ ਮੁੱਦਈ ਦੇ ਆਉਣ-ਜਾਣ ਅਤੇ ਕੰਮ-ਕਾਰ ਬਾਰੇ ਪਤਾ ਸੀ ਅਤੇ ਇਸ ਗੱਲ ਦਾ ਫਾਇਦਾ ਉਠਾਉਂਦੇ ਹੋਏ ਦੋਸ਼ੀ ਨੇ ਮੁੱਦਈ ਨੂੰ ਧਮਕੀਆਂ ਦੇਣੀਆਂ ਸ਼ੁਰੂ ਦਿੱਤੀਆਂ। ਮੁੱਖ ਅਫਸਰ ਥਾਣਾ ਸਿਟੀ ਮੋਗਾ ਅਤੇ ਉਹਨਾਂ ਦੀ ਟੀਮ ਵੱਲੋਂ ਤਕਨੀਕੀ ਮਦਦ ਅਤੇ ਹਿਊਮਨ ਇੰਨਟੈਲੀਜੈਸ ਦੀ ਮਦਦ ਨਾਲ ਮੁਕੱਦਮਾ ਦੀ ਤਫਤੀਸ਼ ਦੌਰਾਨ ਉਕਤਾਨ ਸਾਰੇ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਉਕਤਾਨ ਦੋਸ਼ੀਆਂ ਪਾਸੋਂ ਧਮਕੀਆਂ ਦੇਣ ਲਈ ਵਰਤਿਆ ਗਿਆ ਮੋਬਾਇਲ ਫੋਨ ਵੀ ਬਰਾਮਦ ਕੀਤਾ ਗਿਆ ਹੈ। ਦੋਸ਼ੀਆਂ ਨੂੰ ਅੱਜ ਮਾਣਯੋਗ ਅਦਾਲਤ ਵਿਚ ਪੇਸ਼ ਕਰਕੇ ਰਿਮਾਂਡ ਹਾਸਿਲ ਕਰਕੇ ਹੋਰ ਵੀ ਪੁੱਛਗਿੱਛ ਕੀਤੀ ਜਾਵੇਗੀ।

# ਮੁਸਲਿਮ ਕਬਰਸਤਾਨ ਦੀ ਬਾਊਂਡਰੀ ਦਾ ਨੀਂਹ ਪੱਥਰ ਸਮਾਗਮ ਅੱਜ : ਬੀ.ਐਚ. ਖਾਨ

ਫਗਵਾੜਾ (ਸੁਸ਼ੀਲ ਸ਼ਰਮਾ ) ਮੁਸਲਿਮ ਕਬਰਸਤਾਨ ਦੀ ਬਾਊਂਡਰੀ ਦਾ ਨੀਂਹ ਪੱਥਰ ਸਮਾਗਮ 29 ਦਸੰਬਰ ਦਿਨ ਐਤਵਾਰ ਨੂੰ ਦੁਪਹਿਰ ਦੇ 2:30 ਵਜੇ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਵੱਲੋਂ ਰੱਖਿਆ ਜਾਵੇਗਾ ਨੀਂਹ ਪੱਥਰ ਸਮਾਗਮ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਮਸਜਿਦ-ਏ-ਹਮਜ਼ਾ ਇੰਤਜਾਮੀਆਂ ਕਬਰਸਿਤਾਨ ਕਮੇਟੀ ਰਜਿ.ਫਗਵਾੜਾ ਦੇ ਮੁੱਖ ਪ੍ਰਬੰਧਕ ਅਤੇ ਚੇਅਰਮੈਨ ਬਦਰੁਲ ਹੱਕ ਖਾਨ, ਪ੍ਰਧਾਨ ਸ਼ਕੀਲ ਅਖ਼ਤਰ, ਸੈਕਟਰੀ ਮੁਹੰਮਦ ਜਾਵੇਦ ਨੇ ਦੱਸਿਆ ਕਿ ਫਗਵਾੜਾ ਵਿੱਚ ਮੁਸਲਮਾਨ ਭਾਈਚਾਰੇ ਕੋਲ ਕਬਰਸਤਾਨ ਦੀ ਥਾਂ ਦੀ ਬਹੁਤ ਵੱਡੀ ਘਾਟ ਸੀ ਜਿਸ ਕਾਰਨ ਭਾਰੀ ਮੁਸ਼ਕਿਲ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਇਸ ਕਾਰਨ ਸਹਿਯੋਗੀ ਸੱਜਣਾਂ ਦੇ ਸਹਿਯੋਗ ਦਾ ਸਦਕਾ ਫਗਵਾੜਾ ਨਜ਼ਦੀਕ ਪਿੰਡ ਖੋਥੜਾਂ ਦੇ ਐਫਸੀਆਈ ਗੋਦਾਮ ਕੋਲ ਜਗ੍ਹਾ ਮੁੱਲ



ਖਰੀਦ ਕੇ ਉਸ ਉਪਰ ਕਬਰਸਿਤਾਨ ਦੀ ਉਸਾਰੀ ਦਾ ਕੰਮ ਸ਼ੁਰੂ ਕੀਤਾ ਗਿਆ ਸੀ ਆਗੂਆਂ ਨੇ ਅੱਗੇ ਦੱਸਿਆ ਕਿ ਉਕਤ ਕਬਰਸਿਤਾਨ ਦੀ ਚਾਰਦੀਵਾਰੀ ਦਾ ਕੰਮ 29 ਦਸੰਬਰ ਦਿਨ ਐਤਵਾਰ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ। ਜਿਸ ਦਾ ਨੀਂਹ ਪੱਥਰ ਮੁਸਲਮਾਨ ਭਾਈਚਾਰੇ ਦੇ ਮੁੱਦਈ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਜੀ ਵੱਲੋਂ ਰੱਖਿਆ ਜਾਵੇਗਾ ਇਸ ਮੌਕੇ ਚੇਅਰਮੈਨ ਬਦਰੁਲ ਹੱਕ ਖਾਨ, ਪ੍ਰਧਾਨ ਸ਼ਕੀਲ ਅਖ਼ਤਰ, ਸੈਕਟਰੀ ਮੁਹੰਮਦ ਜਾਵੇਦ ਨੇ ਪਵਿੱਤਰ ਕੁਰਾਨ ਦਾ ਹਵਾਲਾ ਦਿੰਦਿਆ ਹੋਇਆ ਫਗਵਾੜਾ ਨਿਵਾਸੀ ਆਪਣੇ ਮੁਸਲਿਮ ਭਾਈਚਾਰੇ ਨੂੰ ਪਵਿੱਤਰ ਕੁਰਾਨ ਦੀ ਸੂਰਤ ਅਲ ਹੁਜਰਤ:10 ਰਾਹੀਂ ਅਪੀਲ ਕੀਤੀ ਕਿ ਪਵਿੱਤਰ ਕੁਰਾਨ ਵਿੱਚ ਵਿੱਚ ਲਿਖਿਆ ਹੈ ਕਿ ਇਹ ਪੱਕਾ ਹੈ ਕੇ ਮੋਮੀਨ ਆਪਣੇ ਵਿੱਚ ਭਰਾ-ਭਰਾ ਹਨ । ਇਸ ਕਰਕੇ ਆਪਣੇ ਵਿਚਕਾਰ ਸਲਾਹ ਕਰੋ ਅਤੇ ਅੱਲ੍ਹਾ ਦਾ ਡਰ ਰੱਖੋ ਤਾਂ ਜੋ ਤੁਹਾਡੇ ਉੱਤੇ ਰਹਮਿਤ ਹੋਵੇਇਸ ਮੌਕੇ ਉਨ੍ਹਾਂ ਇਸ ਨੀਂਹ ਪੱਥਰ ਸਮਾਗਮ ਵਿੱਚ ਸਾਰੇ ਹੀ ਭਾਈਚਾਰੇ ਨੂੰ ਵੱਧ ਚੜ੍ਹਕੇ ਪਹੁੰਚਣ ਦੀ ਅਪੀਲ ਵੀ ਕੀਤੀ ਹੈ

ਰੋਜ਼ਾਨਾ ਲੋਕ ਬਾਣੀ www.lokbani

# ਯਿਸ਼ੂ ਮਸੀਹ ਨੂੰ ਮਨੁੱਖਤਾ ਦੀ ਭਲਾਈ ਦੇ ਬਦਲੇ ਸਲੀਬ ਤੇ ਚੜ੍ਹਾਇਆ ਗਿਆ - ਪਾਸਟਰ ਰਵਿੰਦਰ




ਫ਼ਗਵਾੜਾ (ਸੁਸ਼ੀਲ ਸ਼ਰਮਾ) ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਹਰ ਸਾਲ ਦੀ ਤਰ੍ਹਾਂ ਕ੍ਰਿਸਮਸ ਸਬੰਧੀ ਸਮਾਗਮ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਸਮਾਗਮ ਦੌਰਾਨ ਪਾਸਟਰ ਰਵਿੰਦਰ ਨੇ ਯਿਸ਼ੂ ਮਸੀਹ ਦੇ ਜੀਵਨ ਬਾਰੇ ਚਾਨਣਾ ਪਾਇਆ। ਉਹਨਾਂ ਦੱਸਿਆ ਕਿ ਪ੍ਰਭੂ ਯਿਸ਼ੂ ਮਸੀਹ ਨੇ ਸਿਰਫ ਮਸੀਹੀ ਭਾਈਚਾਰੇ ਲਈ ਨਹੀਂ ਸਗੋਂ ਸਾਰੇ ਸੰਸਾਰ ਦੇ ਦੀਨ ਦੁਖੀਆਂ ਵਿਚ ਆਪਣਾ ਜੀਵਨ ਲਗਾਇਆ। ਅਖੀਰ ਮਨੁੱਖਤਾ ਦੀ ਭਲਾਈ ਦੇ ਬਦਲੇ ਉਹਨਾਂ ਨੂੰ ਸਲੀਬ ਤੇ ਚੜ੍ਹਾਇਆ ਗਿਆ। ਤਾਰਾ ਚੰਦ ਚੁੰਬਰ ਅਤੇ ਕ੍ਰਿਸ਼ਨ ਕੁਮਾਰ ਨੇ ਯਿਸ਼ੂ ਮਸੀਹ ਦੀਆਂ ਸਿੱਖਿਆਵਾਂ ਤੇ ਚੱਲਣ ਲਈ ਪ੍ਰੇਰਿਤ ਕੀਤਾ। ਪਾਸਟਰ ਭਜਨੀ ਨੇ ਸਰਬੱਤ ਦੇ ਭਲੇ ਲਈ ਪ੍ਰਾਰਥਨਾ ਕੀਤੀ। ਸਮਾਗਮ ਦੌਰਾਨ ਕ੍ਰਿਸਮਸ ਕੇਕ ਵੀ ਕੱਟਿਆ ਗਿਆ ਅਤੇ ਲੱਡੂ ਵੰਡੇ ਗਏ। ਸਮਾਗਮ ਦੌਰਾਨ ਹਰ ਸਾਲ ਦੀ ਤਰ੍ਹਾਂ ਲੋੜਵੰਦਾਂ ਨੂੰ ਸਰਦੀ ਤੋਂ ਬਚਾਅ ਲਈ ਗਰਮ ਕੰਬਲਾਂ ਦੀ ਵੰਡ ਵੀ ਕੀਤੀ ਗਈ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਹਰ ਸਾਲ ਕ੍ਰਿਸਮਸ, ਨਵੇਂ ਸਾਲ, ਲੋਹੜੀ ਅਤੇ ਗਣਤੰਤਰ ਦਿਵਸ ਮੌਕੇ ਕੰਬਲਾਂ ਦੀ ਵੰਡ ਕੀਤੀ ਜਾਂਦੀ ਹੈ। ਇਸ ਮੌਕੇ ਮੋਹਨ ਲਾਲ ਤਨੇਜਾ, ਸੁਧਾ ਬੇਦੀ, ਤੋਂ ਇਲਾਵਾ ਹੋਰ ਪਤਵੰਤੇ ਹਾਜਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਨਵੇਂ ਮਿਸ਼ਨ, ਨਵੀਆਂ ਉਮੰਗਾਂ ਅਤੇ ਨਵੇਂ ਉਤਸ਼ਾਹ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਰੇਗੀ ਸਾਲ 2025 ਦਾ ਸਵਾਗਤ

ਫਗਵਾੜਾ ( ਸੁਸ਼ੀਲ ਸ਼ਰਮਾ ) ਜੀਵਨ ਦਾ ਨੇਮ ਹੈ ਕਿ ਇਸ ਦਾ ਪ੍ਰਵਾਹ ਦਿਨ-ਪਰ-ਦਿਨ ਤੇ ਸਾਲ-ਪਰ-ਸਾਲ ਚਲਦਾ ਰਹਿੰਦਾ ਹੈ ਅਤੇ ਸਮਾਂ ਆਪਣੇ ਕਦਮ ਚਲਦਾ ਹੋਇਆ ਨਵੇਂ ਆਯਾਮ ਸਥਾਪਿਤ ਕਰਦਾ ਜਾਂਦਾ ਹੈ। ਸਾਲ 2024 ਵੀ ਆਪਣੇ ਅੰਦਰ ਕਈ ਯਾਦਾਂ ਸਮੋਈ ਸਾਨੂੰ ਅਲਵਿਦਾ ਕਹਿ ਰਿਹਾ ਹੈ ਅਤੇ ਸਾਲ 20 25 ਨਵੀਆਂ ਉਮੀਦਾਂ ਅਤੇ ਨਵੇਂ ਜੀਵਨ ਪ੍ਰਵਾਹ ਨਾਲ ਸਾਡਾ ਸਵਾਗਤ ਕਰ ਰਿਹਾ ਹੈ। ਇਸ ਪ੍ਰਵਾਹ ਵਿਚ ਉਚੇਰੀ ਸਿਖਿਆ ਦਾ ਚਾਨਣ ਮੁਨਾਰਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਮਿੱਥੇ ਟੀਚੇ ਪਹੁੰਚਾਉਣ, ਆਪਣੀਆਂ ਉਪਲਬਧੀਆਂ ਦੀ ਲੜੀ ਜਾਰੀ ਰੱਖਣ ਅਤੇ ਉਚ ਪਾਏ ਦੇ ਸਮਾਜ ਸਿਰਜਣ ਦੀ ਪ੍ਰਕ੍ਰਿਆ ਵਿਚ ਕਾਰਜਸ਼ੀਲ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਸਾਲ 2024 ਵਿਚ ਅਕਾਦਮਿਕ, ਖੋਜ, ਖੇਡਾਂ, ਕਲਾ ਅਤੇ ਸਭਿਆਚਾਰ ਨਾਲ ਸਬੰਧਤ ਬਹੁਤ ਸਾਰੀਆਂ ਪ੍ਰਾਪਤੀਆਂ ਕਰਦਿਆਂ ਵੱਖ ਵੱਖ ਖੇਤਰਾਂ ਵਿਚ ਮੱਲ੍ਹਾਂ ਮਾਰੀਆਂ ਹਨ। ਯੂਨੀਵਰਸਿਟੀ ਦੇ ਨਵ-ਨਿਯੁਕਤ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਵੱਲੋਂ ਯੂਨੀਵਰਸਿਟੀ ਨੂੰ ਹੋਰ ਬੁਲੰਦੀਆਂ ਤੇ ਲਿਜਾਣ ਲਈ ਆਪਣੀ ਵੱਚਨਬੱਧਤਾ ਅਤੇ ਹੋਰ ਨਵੇਂ ਉਦੇਸ਼ਾਂ ਨੂੰ ਪੂਰ ਕਰਨ ਦੇ ਟੀਚਿਆਂ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਨਵੇਂ ਸਾਲ 2025 ਦਾ ਸਵਾਗਤ ਕਰੇਗੀ।

ਵਾਈਸ ਚਾਂਸਲਰ ਪੋ. ਕਰਮਜੀਤ ਸਿੰਘ ਦੀ ਸੁਯੋਗ ਅਗਵਾਈ ਵਿਚ ਯੂਨੀਵਰਸਿਟੀ ਆਪਣੇ ਨਵੇਂ ਉਦੇਸ਼ਾਂ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਮਿਸ਼ਨ ਸਰਬੱਤ ਦਾ ਭਲਾ ਤੋਂ ਪ੍ਰੇਰਨਾ ਲੈਂਦਿਆਂ ਸਿੱਖਿਆ ਨੂੰ ਸਾਰਿਆਂ ਲਈ ਪਹੁੰਚਯੋਗ ਬਣਾਉਣਾ ਪਹਿਲੇ ਟੀਚੇ ਵਿਚ ਸ਼ਾਮਿਲ ਹੋਵੇਗਾ। ਇਹ ਦ੍ਰਿਸ਼ਟੀ ਅੱਜ ਦੇ ਸੰਸਾਰ ਵਿੱਚ ਖਾਸ ਤੌਰ ਤੇ ਮਹੱਤਵਪੂਰਨ ਹੈ, ਜਿੱਥੇ ਵਿੱਤੀ ਰੁਕਾਵਟਾਂ, ਭੂਗੋਲਿਕ ਦੂਰੀ ਅਤੇ ਸਮਾਜਿਕ ਅਸਮਾਨਤਾਵਾਂ ਵਰਗੀਆਂ ਰੁਕਾਵਟਾਂ ਗੁਣਵੱਤਾ ਸਿੱਖਿਆ ਤੱਕ ਪਹੁੰਚ ਵਿੱਚ ਰੁਕਾਵਟ ਪਾਉਂਦੀਆਂ ਹਨ। ਪਿਛੇ ਰਹਿਣ ਵਾਲੇ ਨਾਗਰਿਕਾਂ ਜਾਂ ਉਹ ਵਿਅਕਤੀ ਜਿਹੜੇ ਕਿਸੇ ਕਾਰਨਾਂ ਕਰਕੇ ਆਪਣੀ ਉਚ ਸਿਖਆ ਨੂੰ ਪੂਰੇ ਨਹੀਂ ਕਰ ਸਕੇ ਜਾਂ ਉਹ ਵਿਦਆਰਥੀ ਜੋ ਵਸੀਲੇ ਪੂਰੇ ਨਾ ਹੋਣ ਕਰਕੇ ਸਿਖਆ ਪ੍ਰਾਪਤ ਨਹੀਂ ਕਰ ਸਕੇ ਉਨ੍ਹਾਂ ਨੂੰ ਸਿਖਆ ਦੇ ਮੌਕੇ ਪ੍ਰਦਾਨ ਕਰਨ ਲਈ ਯੂਨੀਵਰਸਿਟੀ ਦੀ ਓਪਨ ਲਰਨਿੰਗ ਅਤੇ ਔਨਲਾਈਨ ਸਿੱਖਿਆ ਪ੍ਰਣਾਲੀਆਂ ਵਿਚ ਤੇਜ਼ੀ ਲਿਆਂਦੀ ਜਾਵੇਗੀ। ਇਨੋਵੇਸ਼ਨ ਅਤੇ ਅੰਤਰ-ਵਿਭਾਗੀ ਸਹਿਯੋਗ ਰਾਹੀਂ ਯੂਨੀਵਰਸਿਟੀ ਦੇ ਵਿਭਾਗਾਂ ਵਿੱਚ ਹੀ ਨਹੀਂ ਸਗੋਂ ਬਾਹਰੀ ਸੰਸਥਾਵਾਂ ਨਾਲ ਵੀ ਨਵੀਨਤਾ ਨੂੰ ਉਤਸ਼ਾਹਿਤ ਅਤੇ ਸਹਿਯੋਗ ਵਧਾਇਆ ਜਾਵੇਗਾ। ਇਸੇ ਦੇ ਨਾਲ ਹੀ ਸਮਾਜਿਕ ਚੁਣੌਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਲਈ ਅੰਤਰ-ਅਨੁਸ਼ਾਸਨੀ ਪਹੁੰਚ ਦੀ ਲੋੜ ਤੇ ਵੀ ਜ਼ੋਰ ਦਿੱਤਾ ਜਾਵੇਗਾ। ਯੂਨੀਵਰਸਿਟੀ ਔਨਲਾਈਨ ਸਿਖਲਾਈ ਪ੍ਰੋਗਰਾਮਾਂ ਦੀ ਸ਼ੁਰੂਆਤ ਕਰਕੇ ਪੰਜਾਬੀ ਡਾਇਸਪੋਰਾ ਦੀ ਸਹਾਇਤਾ ਕਰਨ ਲਈ ਸਮਰਪਿਤ ਹੈ। ਇਹਨਾਂ ਪਹਿਲਕਦਮੀਆਂ ਦਾ ਉਦੇਸ਼ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨੂੰ ਸੁਰੱਖਿਅਤ ਅਤੇ ਪ੍ਰਫੁੱਲਤ ਕਰਨਾ ਹੈ ਤੇ ਉਹਨਾਂ ਨੂੰ ਵਿਸ਼ਵ ਭਰ ਵਿੱਚ ਪਹੁੰਚਯੋਗ ਬਣਾਉਣਾ ਹੈ। ਯੂਨੀਵਰਸਿਟੀ ਦੇ ਯਤਨ ਵਿਚ ਇਹ ਗੱਲ ਸ਼ਾਮਿਲ ਹੋਵੇਗੀ ਕਿ ਵਿਦੇਸ਼ਾਂ ਵਿਚ ਰਹਿ ਰਹੇ ਪੰਜਾਬੀਆਂ ਅਤੇ ਉਨ੍ਹਾਂ ਲੋਕਾਂ, ਜੋ ਸਿੱਖਣ ਦੇ ਚਾਹਵਾਨ ਹਨ, ਤਕ ਗੁਰਮੁਖੀ ਲਿਪੀ ਆਧਾਰਤ ਡਿਜੀਟਲ ਪਲੇਟਫਾਰਮਾਂ ਦੀ ਪਹੁੰਚ ਕੀਤੀ ਜਾਵੇ।



ਹੁਣ ਦਾ ਸਮਾਂ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ) ਵਰਗੀਆਂ ਅਤਿ-ਆਧੁਨਿਕ ਤਕਨਾਲੋਜੀਆਂ ਵਾਲਾ ਦੌਰ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਇਹ ਕੋਸ਼ਿਸ਼ ਹੋਵੇਗੀ ਕਿ ਯੂਨੀਵਰਸਿਟੀ ਵੀ ਇਸ ਆਰਟੀਫੀਸ਼ੀਅਲ ਇੰਟੈਲੀਜੈਂਸ ਦੌਰ ਦੇ ਮੋਢੇ ਨਾਲ ਮੋਢਾ ਜੋੜ ਕੇ ਚੱਲੇ ਅਤੇ ਵਿਦਿਆਰਥੀਆਂ ਨੂੰ ਰੁਜ਼ਗਾਰਯੋਗ ਅਤੇ ਉੱਦਮੀ ਯੋਗਤਾਵਾਂ ਦੇ ਸਮਰੱਥ ਬਣਾਏ। ਇਸ ਉਦੇਸ਼ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਤੇ ਹੁਨਰ-ਅਧਾਰਿਤ ਕੋਰਸਾਂ ਦੀ ਸ਼ੁਰੂਆਤ ਕਰਨ ਨੂੰ ਪਹਿਲ ਦਿੱਤੀ ਜਾਵੇਗੀ। ਦਾਖਲੇ ਨੂੰ ਵਧਾਉਣ ਦੇ ਉਦੇਸ਼ ਨਾਲ ਯੂਨੀਵਰਸਿਟੀ ਅਤੇ ਕਾਂਸਟੀਚੁਐਂਟ ਕਾਲਜਾਂ ਵਿਚ ਉਦਯੋਗ ਜਗਤ ਦੀ ਲੋੜ, ਉਦਮੀ ਨਵੀਨਤਾਵਾਂ ਅਤੇ ਸਮੇਂ ਦੀ ਲੋੜ ਵਾਲੇ ਹੋਰ ਨਵੇਂ ਹੁਨਰ-ਅਧਾਰਿਤ ਕੋਰਸ ਵੀ ਸ਼ੁਰੂ ਕੀਤੇ ਜਾਣਗੇ।

ਖੋਜ ਅਤੇ ਨਵੀਨਤਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਆਪਣੇ ਸਫ਼ਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਿਆਂ ਵਿਗਿਆਨਕ ਖੋਜ ਨੂੰ ਕੇਂਦਰ ਵਿਚ ਰੱਖਦੇ ਹੋਏ ਸਮਕਾਲੀ ਸਮਾਜਿਕ ਚੁਣੌਤੀਆਂ ਨੂੰ ਹੱਲ ਕਰਨ ਲਈ ਸਮਾਜ ਵਿਗਿਆਨ ਵਿੱਚ ਵਿਚ ਖੋਜ ਨੂੰ ਵਧਾਉਣ ਦੇ ਯਤਨਾਂ ਦੀ ਵੀ ਯੋਜਨਾ ਬਣਾ ਰਹੀ ਹੈ। ਆਪਣੀਆਂ ਸੱਭਿਆਚਾਰਕ ਜੜ੍ਹਾਂ ਨੂੰ ਪਛਾਣਦੇ ਹੋਏ, ਯੂਨੀਵਰਸਿਟੀ ਨੇ ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪ੍ਰਸਾਰ ਨੂੰ ਵੀ ਆਪਣੀ ਤਰਜੀਹੀ ਸੂਚੀ ਵਿੱਚ ਰੱਖਿਆ ਹੈ, ਜਿਸਦਾ ਉਦੇਸ਼ ਵਿਸ਼ਵ ਦ੍ਰਿਸ਼ਟੀਕੋਣ ਨੂੰ ਉਤਸ਼ਾਹਤ ਕਰਦੇ ਹੋਏ ਖੇਤਰੀ ਵਿਰਾਸਤ ਨੂੰ ਸੰਭਾਲਣਾ ਅਤੇ ਮਨਾਉਣਾ ਹੈ।

ਵਰਤਮਾਨ ਸਮੇਂ ਵਿਚ ਦਾਖਲਾ ਲੈਣ ਦਾ ਅਨੁਪਾਤ 29.1 ਫੀਸਦ ਹੈ ਅਤੇ ਸਾਲ 2025 ਤੋਂ ਯੂਨੀਵਰਸਿਟੀ ਦਾ ਟੀਚਾ ਹੋਵੇਗਾ ਕਿ ਜਿਵੇਂ ਕਿ ਭਾਰਤ ਸਰਕਾਰ ਦਾ ਉਦੇਸ਼ ਦਾਖਲਾ ਲੈਣ ਦਾ ਅਨੁਪਾਤ ਦੇ ਟੀਚੇ ਨੂੰ 50 ਫੀਸਦੀ ਤੱਕ ਪਹੁੰਚਾਉਣਾ ਹੈ, ਨੂੰ ਵੇਖਦੇ ਹੋਏ ਦੂਰ-ਦੁਰਾਡੇ ਦੇ ਖੇਤਰਾਂ ਵਿੱਚ ਵਿਦਿਆਰਥੀਆਂ ਨੂੰ ਆਨਲਾਈਨ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਦੱਬੇ-ਕੁਚਲੇ ਅਤੇ ਪਛੜੇ ਵਰਗਾਂ, ਵੱਖ-ਵੱਖ ਤੌਰ ਤੇ ਵਿਸ਼ੇਸ਼ ਲੋੜਾਂ ਵਿਅਕਤੀਆਂ ਅਤੇ ਜੇਲ੍ਹਾਂ ਵਿੱਚ ਬੰਦ ਕੈਦੀਆਂ ਨੂੰ ਉੱਚ ਸਿੱਖਿਆ ਦੇ ਮੌਕੇ ਪ੍ਰਦਾਨ ਕਰਨ ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਦੀ ਸੂਝ-ਬੂਝ ਵਾਲੀ ਅਗਵਾਈ ਵਿਚ ਯੂਨੀਵਰਸਿਟੀ ਦਾ ਇਹ ਉਦੇਸ਼ ਹੋਵੇਗਾ ਕਿ ਅਧਿਆਪਕਾਂ ਨੂੰ ਹੋਰ ਵੀ ਸਮਰੱਥ ਬਣਾਉਣ ਲਈ ਵਿਸ਼ੇਸ਼ ਯਤਨ ਕੀਤੇ ਜਾਣ।

ਸਾਲ 2025 ਨੂੰ ਜੀ ਆਇਆਂ ਆਖਦਿਆਂ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੂੰ ਵਿਸ਼ਵ ਪੱਧਰ ਤੇ ਖਾਸ ਉਚਾਈ ਤਕ ਲਿਜਾਣ ਬਾਰੇ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਇਹ ਯੂਨੀਵਰਸਿਟੀ ਇਹ ਯਕੀਨੀ ਬਣਾਏਗੀ ਕਿ ਯੂਨੀਵਰਸਿਟੀ ਦੇ ਵਿਦਿਆਰਥੀ ਪਹਿਲਾਂ ਨਾਲੋਂ ਵੀ ਵੱਧ ਗਿਆਨਵਾਨ, ਰੋਜ਼ਗਾਰਮੁਖੀ, ਉਦਮੀ ਯੋਗਤਾਵਾਂ ਅਤੇ ਸਮਾਜਿਕ ਕਦਰਾਂ-ਕੀਮਤਾਂ ਨਾਲ ਲੈੱਸ ਹੋ ਕੇ ਵਿਸ਼ਵ ਵਿਚ ਵਿਚਰਣ ਅਤੇ ਸਮਾਜ ਦੀ ਤਰੱਕੀ ਵਿਚ ਆਪਣਾ ਯੋਗਦਾਨ ਪਾਉਂਦੇ ਹੋਏ ਯੂਨੀਵਰਸਿਟੀ ਦੀ ਪਛਾਣ ਨੂੰ ਹੋਰ ਨਿਖਾਰਣ। ਉਨ੍ਹਾਂ ਇਹਨਾਂ ਉਦੇਸ਼ਾਂ ਨੂੰ ਪ੍ਰਾਪਤ ਕਰਨ ਵਿੱਚ ਫੈਕਲਟੀ, ਸਟਾਫ ਅਤੇ ਵਿਦਿਆਰਥੀਆਂ ਦੇ ਸਮੂਹਿਕ ਯਤਨਾਂ ਤੋਂ ਸਮਰਥਨ ਅਤੇ ਸਮਰਪਣ ਭਾਵਨਾ ਦੀ ਮੰਗ ਵੀ ਕੀਤੀ।

ਵਾਈਸ ਚਾਂਸਲਰ ਪ੍ਰੋ.ਕਰਮਜੀਤ ਸਿੰਘ ਆਪਣੀ ਕਾਰਜਸ਼ੈਲੀ ਅਤੇ ਉਦੇਸ਼ਾਂ ਦਾ ਮੂਲ ਸਰੋਤ ਤੇ ਆਧਾਰ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦ੍ਰਿੜਾਏ 'ਕਿਰਤ ਕਰੋ ਨਾਮ ਜਪੋ ਤੇ ਵੰਡ ਛਕੋ' ਅਤੇ 'ਸਰਬੱਤ ਦੇ ਭਲੇ' ਨੂੰ ਮੰਨਦੇ ਹੋਏ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੂੰ ਹੋਰ ਉਚਾਈਆਂ 'ਤੇ ਲਿਜਾਣ ਅਤੇ ਜੀਵਨ ਵਿਚ ਸਮਾਜ ਦੇ ਹੋਰ ਚੰਗੇ ਨਿਜ਼ਾਮ ਨੂੰ ਸਥਾਪਤ ਕਰਨ ਦਾ ਵਚਨ ਦਿੰਦਿਆਂ ਸਾਨੂੰ ਸਾਰਿਆਂ ਨੂੰ ਸਾਲ 2025 ਦੀ ਆਮਦ 'ਤੇ ਖੁਸ਼ੀਆਂ ਭਰੇ ਜੀਵਨ ਦੀ ਅਰਦਾਸ ਕਰਦਿਆਂ ਨਵੇਂ ਸਾਲ ਦੀ ਵਧਾਈ ਦਿੰਦੇ ਹਨ।

ਰੋਜ਼ਾਨਾ ਲੋਕ ਬਾਣੀ www.lokbani

# 30 ਦਸੰਬਰ ਪੰਜਾਬ ਬੰਦ ਦੀ ਕਾਲ ਨੂੰ ਰਾਸ਼ਨ ਡਿੱਪੂ ਹੋਲਡਰ ਫੈਡਰੇਸ਼ਨ ਰਜਿ:118 ਵੱਲੋਂ ਪੂਰਨ ਸਮਰਥਨ ਦਾ ਐਲਾਨ :- ਕਾਂਝਲਾ



ਮਾਲੇਰਕੋਟਲਾ (ਕਿਮੀ ਅਰੋੜਾ ਅਸਲਮ ਨਾਜ਼)ਅੱਜ ਰਾਸਨ ਡਿੱਪੂ ਹੋਲਡਰ ਫੈਡਰੇਸ਼ਨ ਰਜਿ:118 ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਕਿਸਾਨ ਜਥੇਬੰਦੀਆਂ ਵੱਲੋਂ 30 ਦਸੰਬਰ ਨੂੰ ਪੰਜਾਬ ਬੰਦ ਦਾ ਸਮਥਨ ਕਰਦੇ ਹਾਂ ।ਉਨਾਂ ਕਿਹਾ ਕਿ ਸਾਡੇ ਕਿਸਾਨ ਆਗੂ ਸ਼ ਜਗਜੀਤ ਸਿੰਘ ਡੱਲੇਵਾਲ ਨੂੰ ਪਿਛਲੇ ਦਿਨੀਂ ਹੀ ਮਿਲ ਕੇ ਆਏ ਹਾਂ ਉਨ੍ਹਾਂ ਦੀ ਸਿਹਤ ਬਹੁਤ ਨਾਜ਼ੁਕ ਹੈ ਕੇਂਦਰ ਅਤੇ ਸੂਬਾ ਸਰਕਾਰ ਨੂੰ ਉਨ੍ਹਾਂ ਦੀ ਕੋਈ ਪ੍ਰਵਾਹ ਨਹੀਂ ਹੈ ਡੱਲੇਵਾਲ ਪਿੱਛਲੇ ਲਗਭਗ ਇਕ ਮਹੀਨੇ ਤੋਂ ਕਿਸਾਨਾਂ ਦੀਆਂ ਮੰਗਾਂ ਲਈ ਭੁੱਖ ਹੜਤਾਲ ਤੇ ਬੈਠੇ ਸਨ, ਸ੍ਰੀ ਕਾਂਝਲਾ ਨੇ ਕਿਹਾ ਸਾਡੀ ਰਾਸ਼ਨ ਡਿੱਪੂ ਯੂਨੀਅਨ ਵੱਲੋਂ ਸ : ਜਗਜੀਤ ਸਿੰਘ ਡੱਲੇਵਾਲ ਅਤੇ ਸਮੂਹ ਕਿਸਾਨ ਜੱਥੇਬੰਦੀਆਂ ਨੂੰ ਪੂਰਨ ਸਮਰਥਨ ਦਾ ਐਲਾਨ ਕਰਦੇ ਹਾਂ । ਸੂਬਾ ਪ੍ਰਧਾਨ ਕਾਂਝਲਾ ਨੇ ਕਿਹਾ ਕਿ ਕਿਸਾਨੀ ਹਰੇਕ ਵਰਗ ਦੀ ਆਰਥਿਕਤਾ ਦਾ ਧੁਰਾ ਹੈ। ਉਨਾਂ ਕਿਹਾ ਕਿ ਪੰਜਾਬ ਦੇ 18500 ਡਿੱਪੂ ਹੋਲਡਰ ਆਪੋ ਆਪਣੇ ਜ਼ਿਲਿਆਂ ਵਿੱਚ ਵੱਖ ਵੱਖ ਥਾਵਾਂ ਤੇ ਬੰਦ ਦਾ ਸਮਰਥਨ ਕਰਨਗੇ।ਇਸ ਮੋਕੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ, ਪ੍ਰਧਾਨ ਪਰਮਜੀਤ ਸਿੰਘ ਹਾਡਾ ਸੁਨਾਮ, ਸੁਦਾਗਰ ਅਲੀ ਬਲਾਕ ਪ੍ਰਧਾਨ ਮਲੇਰ ਕੋਟਲਾ, ਕਰਮਜੀਤ ਰਟੋਲਾ, ਮੱਖਣ ਗਰਗ, ਸੂਬਾ ਪ੍ਰੈੱਸ ਸਕੱਤਰ ਮੁਹੰਮਦ ਸਲੀਮ, ਕੇਵਲ ਕ੍ਰਿਸ਼ਨ ਧਨੋ, ਰੋਜ਼ੀ ਨਾਰੀਕੇ, ਬਿੱਕਰ ਸਿੰਘ ਰਾੜਵਾ, ਨਜੀਰ ਮੁਹੰਮਦ ਬਿੰਜੋਕੀ, ਸੰਦੀਪ ਸਿੰਘ ਆਦਮਵਾਲ,ਅਰਸ਼ਾਦ ਬਰਕਤਪੁਰਾ, ਸੁਰਾਜਦੀਨ ਕੇਲੋਂ, ਆਦਿ ਤੋਂ ਇਲਾਵਾ ਹੋਰ ਵੀ ਡਿੱਪੂ ਹੋਲਡਰ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੇ ਅਰੁਣ ਜੇਤਲੀ ਨੂੰ ਜਨਮ ਜਯੰਤੀ ਮੌਕੇ ਭੇਂਟ ਕੀਤੇ ਸ਼ਰਧਾ ਦੇ ਫੁੱਲ

ਫਗਵਾੜਾ ( ਸੁਸ਼ੀਲ ਸ਼ਰਮਾ ) ਦੇਸ਼ ਦੇ ਸਾਬਕਾ ਕੇਂਦਰੀ ਮੰਤਰੀ ਅਤੇ ਸੀਨੀਅਰ ਭਾਜਪਾ ਆਗੂ ਸਵਰਗਵਾਸੀ ਅਰੁਣ ਜੇਤਲੀ ਦੀ ਜਨਮ ਜਯੰਤੀ ਮੌਕੇ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੇ ਦਿੱਲੀ ਵਿਖੇ ਜੇਤਲੀ ਪਾਰਕ ਪੁੱਜ ਕੇ ਉਹਨਾਂ ਦੇ ਬੁੱਤ ਤੇ ਆਪਣੀ ਸ਼ਰਧਾ ਦੇ ਫੁੱਲ ਭੇਂਟ ਕੀਤੇ। ਉਹਨਾਂ ਦੇ ਨਾਲ ਫਗਵਾੜਾ ਦੇ ਸਾਬਕਾ ਮੇਅਰ ਅਰੁਣ ਖੋਸਲਾ ਵੀ ਸਨ। ਸੋਮ ਪ੍ਰਕਾਸ਼ ਨੇ ਕਿਹਾ ਕਿ ਅਰੁਣ ਜੇਤਲੀ ਨੇ ਸਾਰੀ ਜਿੰਦਗੀ ਦੇਸ਼ ਦੀ ਸੇਵਾ ਵਿਚ ਸਮਰਪਿਤ ਕੀਤੀ। ਭਾਰਤ ਦੇ ਪ੍ਰਸਿੱਧ ਵਕੀਲ, ਅਰਥ ਸ਼ਾਸਤਰੀ, ਕਰਮਯੋਗੀ ਅਤੇ ਮਹਾਨ ਚਿੰਤਕ ਵਜੋਂ ਉਹ ਲੋਕਾਂ ਦੇ ਦਿਲ ਵਿਚ ਹਮੇਸ਼ਾ ਵੱਸਦੇ ਰਹਿਣਗੇ। ਸੋਮ ਪ੍ਰਕਾਸ਼ ਨੇ ਸਵ. ਅਰੁਣ ਜੇਤਲੀ ਦੀ ਧਰਮ ਪਤਨੀ ਸੰਗੀਤਾ ਜੇਤਲੀ, ਪਰਿਵਾਰਕ ਮੈਂਬਰਾਂ ਰੋਹਨ ਜੇਤਲੀ ਅਤੇ ਡੌਲੀ ਜੇਤਲੀ ਨੂੰ ਦੱਸਿਆ ਕਿ ਅਰੁਣ ਜੇਤਲੀ ਹਮੇਸ਼ਾ ਖਿੜੇ ਮੱਥੇ ਮਿਲਦੇ ਸਨ ਅਤੇ ਸੰਸਦ ਵਿਚ ਉਹਨਾਂ ਦੇ ਨਾਲ ਬਹੁਤ ਸਾਰੀਆਂ ਯਾਦਾਂ ਹਨ, ਜੋ ਹਮੇਸ਼ਾ ਦਿੱਲ ਵਿਚ ਤਾਜਾ ਰਹਿਣਗੀਆਂ। ਇਸ ਮੌਕੇ ਸਾਬਕਾ ਮੇਅਰ ਅਰੁਣ ਖੋਸਲਾ ਨੇ ਵੀ



ਜੇਤਲੀ ਪਰਿਵਾਰ ਦੇ ਨਾਲ ਪੁਰਾਣੀਆਂ ਯਾਦਾਂ ਸਾਂਝੀਆਂ ਕੀਤੀਆਂ ਅਤੇ ਦੱਸਿਆ ਕਿ ਉਹਨਾਂ ਨੂੰ ਦੇਸ਼ ਅਤੇ ਸੰਗਠਨ ਦੇ ਪ੍ਰਤੀ ਸਮਰਪਿਤ ਭਾਵਨਾ ਨਾਲ ਕੰਮ ਕਰਨ ਦੀ ਪ੍ਰੇਰਣਾ ਅਰੁਣ ਜੇਤਲੀ ਤੋਂ ਹੀ ਮਿਲੀ ਹੈ। ਪੁਰਾਣੀ ਯਾਦ ਨੂੰ ਤਾਜਾ ਕਰਦਿਆਂ ਖੋਸਲਾ ਨੇ ਦੱਸਿਆ ਕਿ ਜਦੋਂ ਵੀ ਫਗਵਾੜਾ ਨਾਲ ਸਬੰਧਤ ਕਿਸੇ ਤਰ੍ਹਾਂ ਦੀ ਸਮੱਸਿਆ ਲੈ ਕੇ ਉਹ ਦਿੱਲੀ ਵਿਖੇ ਅਰੁਣ ਜੇਤਲੀ ਨੂੰ ਮਿਲਦੇ ਸੀ ਤਾਂ ਕਦੇ ਵੀ ਉਹਨਾਂ ਨੂੰ ਨਿਰਾਸ਼ ਵਾਪਸ ਨਹੀਂ ਮੁੜਨਾ ਪਿਆ। ਕਿਉਂਕਿ ਸ੍ਰੀ ਜੇਤਲੀ ਜਿੱਥੇ ਖਿੜੇ ਮੱਥੇ ਉਹਨਾਂ ਦਾ ਸਵਾਗਤ ਕਰਦੇ ਉੱਥੇ ਹੀ ਹਰ ਸੰਭਵ ਮੱਦਦ ਵੀ ਕਰਦੇ ਸਨ। ਇਸ ਮੌਕੇ ਮੈਂਬਰ ਪਾਰਲੀਮੈਂਟ ਮਨੋਜ ਤਿਵਾਰੀ, ਕਮਲਜੀਤ ਸਹਿਰਾਵਤ, ਅਰੁਣ ਕੁਮਾਰ ਲੁਧਿਆਣਾ, ਸੁਖਵੰਤ ਸਿੰਘ ਟਿੱਲੂ ਕਿਸਾਨ ਮੋਰਚਾ, ਕਰਨ ਗੋਸਾਂਈ ਸਹਿ ਮੀਡੀਆ ਇੰਚਾਰਜ ਆਦਿ ਵੀ ਹਾਜਰ ਸਨ।

# ਪਿੰਡ ਸੰਗਤਪੁਰ ਵਿਖੇ ਲਗਾਇਆ ਮਾਤਾ ਗੁਜਰ ਕੌਰ ਜੀ ਅਤੇ ਚਾਰੇ ਸਾਹਿਬਜਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਦੁੱਧ-ਬਿਸਕੁਟਾਂ ਦਾ ਲੰਗਰ



ਫਗਵਾੜਾ ( ਸੁਸ਼ੀਲ ਸ਼ਰਮਾ ) ਗੁਰਦੁਆਰਾ ਕੁਟੀਆ ਸਾਹਿਬ ਪਿੰਡ ਸੰਗਤਪੁਰ ਤਹਿਸੀਲ ਫਗਵਾੜਾ ਵਲੋਂ ਸਮੂਹ ਸੰਗਤਾਂ ਦੇ ਸਹਿਯੋਗ ਮਾਤਾ ਗੁਜਰ ਕੌਰ ਜੀ ਅਤੇ ਚਾਰੇ ਸਾਹਿਬਜਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਦੁੱਧ ਅਤੇ ਬਿਸਕੁਟਾਂ ਦਾ ਲੰਗਰ ਸੰਗਤਪੁਰ-ਮੇਹਲੀਆਣਾ ਰੋਡ ਵਿਖੇ ਲਗਾਇਆ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੀ ਕਮੇਟੀ ਦੇ ਪ੍ਰਧਾਨ ਸੁਰਜੀਤ ਸਿੰਘ ਨੇ ਕਿਹਾ ਕਿ ਸਾਹਿਬ-ਏ-ਕਮਾਲ ਸਰਬੰਸ ਦਾਨੀ ਦਸ਼ਮੇਸ਼ ਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜਾਦਿਆਂ ਦੀਆਂ ਅਦੁੱਤੀ ਸ਼ਹਾਦਤਾਂ ਖਾਲਸਾ ਪੰਥ ਦੇ ਸੁਨਹਿਰੀ ਇਤਿਹਾਸ ਦੀ ਮੂੰਹ ਬੋਲਦੀ ਤਸਵੀਰ ਪੇਸ਼ ਕਰਦੀਆਂ ਹਨ। ਉਹਨਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚਲਦੇ ਹੋਏ ਦੇਸ਼ ਅਤੇ ਕੌਮ ਦੀ ਤਰੱਕੀ ਲਈ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਕਰਮ ਸਿੰਘ ਪੰਚ, ਦਰਸ਼ਨ ਸਿੰਘ, ਸੁੱਚਾ ਸਿੰਘ, ਜਰਨੈਲ ਸਿੰਘ, ਜਗਤਾਰ ਸਿੰਘ, ਸੰਤੋਖ ਸਿੰਘ, ਕੇਸਰ ਸਿੰਘ, ਗੁਰਜੀਤ ਸਿੰਘ, ਪਿਆਰਾ ਸਿੰਘ, ਗੁਰਪ੍ਰੀਤ ਸਿੰਘ, ਗੁਰਮਿੰਦਰ ਸਿੰਘ, ਮਨਵੀਰ ਸਿੰਘ ਖਾਲਸਾ, ਰਾਜਿੰਦਰ ਸਿੰਘ, ਗੁਰਸੇਵਕ ਸਿੰਘ, ਸਰਮਵੀਰ ਸਿੰਘ ਹਰਸ਼ ਆਦਿ ਹਾਜਰ ਸਨ।

# ਭਾਰਤੀ ਕਿਸਾਨ ਯੂਨੀਅਨ (ਦੋਆਬਾ) ਨੇ 30 ਦਸੰਬਰ ਦੇ ਬੰਦ ਨੂੰ ਸਫਲ ਬਨਾਉਣ ਲਈ ਕੀਤੀ ਮੀਟਿੰਗ

ਫਗਵਾੜਾ (ਸੁਸ਼ੀਲ ਸ਼ਰਮਾ ) ਕਿਸਾਨ ਸੰਗਠਨਾਂ ਵਲੋਂ ਆਪਣੀਆਂ 12 ਮੰਗਾ ਨੂੰ ਲੈ ਕੇ ਸ਼ੰਭੂ-ਖਨੌਰੀ ਬਾਰਡਰ ਵਿਖੇ ਲਗਾਏ ਧਰਨੇ ਅਤੇ 33 ਦਿਨਾਂ ਤੋਂ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਸਮਰਥਨ ਦੇਣ ਲਈ 30 ਦਸੰਬਰ ਦਿਨ ਸੋਮਵਾਰ ਨੂੰ ਸਮੂਹ ਕਿਸਾਨ ਜੱਥੇਬੰਦੀਆਂ ਵਲੋਂ ਭਾਰਤ ਬੰਦ ਦਾ ਐਲਾਨ ਕੀਤਾ ਗਿਆ ਹੈ। ਇਸ ਹੜਤਾਲ ਨੂੰ ਸਫਲ ਬਨਾਉਣ ਲਈ ਅੱਜ ਭਾਰਤੀ ਕਿਸਾਨ ਯੂਨੀਅਨ (ਦੋਆਬਾ) ਦੀ ਇਕ ਮੀਟਿੰਗ ਜਨਰਲ ਸਕੱਤਰ ਸਤਨਾਮ ਸਿੰਘ ਸਾਹਨੀ ਦੀ ਅਗਵਾਈ ਹੇਠ ਫਗਵਾੜਾ ਵਿਖੇ ਹੋਈ। ਜਿਸ ਵਿਚ ਫਗਵਾੜਾ 'ਚ ਬੰਦ ਦੇ ਸੱਦੇ ਨੂੰ ਸਫਲ ਬਨਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਉਪਰੰਤ ਜਾਣਕਾਰੀ ਦਿੰਦੇ ਹੋਏ ਕਿਸਾਨ ਆਗੂ ਸਤਨਾਮ ਸਿੰਘ ਸਾਹਨੀ, ਕੁਲਵਿੰਦਰ ਸਿੰਘ ਕਾਲਾ ਸਰਪੰਚ ਅਠੌਲੀ, ਸੰਤੋਖ ਸਿੰਘ ਲੱਖਪੁਰ ਸੀਨੀਅਰ ਕਿਸਾਨ ਆਗੂ ਅਤੇ ਪ੍ਰੈਸ ਸਕੱਤਰ ਗੁਰਪਾਲ ਸਿੰਘ ਪਾਲਾ ਮੌਲੀ ਨੇ ਫਗਵਾੜਾ ਦੇ ਸਮੂਹ ਕਾਰੋਬਾਰੀਆਂ, ਦੁਕਾਨਦਾਰਾਂ, ਟਰਾਂਸਪੋਰਟਰਾਂ, ਮੁਲਾਜਮ ਜੱਥੇਬੰਦੀਆਂ. ਵਪਾਰੀਆਂ, ਆੜ੍ਹਤੀਆਂ, ਵਿਦਿਆਰਥੀਆਂ ਅਤੇ ਮਜਦੂਰ ਜੱਥੇਬੰਦੀਆਂ ਨੂੰ ਪੁਰਜੋਰ ਅਪੀਲ ਕੀਤੀ ਕਿ ਅੰਨਦਾਤਾ ਕਿਸਾਨ ਦੇ ਹੱਕ ਦੀ ਆਵਾਜ ਨੂੰ ਸਮਰਥਨ ਦਿੰਦੇ ਬੰਦ ਨੂੰ ਸਫਲ ਬਣਾਇਆ ਜਾਵੇ। ਉਹਨਾਂ ਦੱਸਿਆ ਕਿ ਸੋਮਵਾਰ ਨੂੰ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ



ਫਗਵਾੜਾ ਦੇ ਮੇਨ ਜੀਟੀ ਰੋਡ ਸਥਿਤ ਸ਼ੁਗਰ ਮਿਲ ਚੌਕ ਵਿਖੇ ਧਰਨਾ ਲਗਾਇਆ ਜਾਵੇਗਾ। ਹੜਤਾਲ ਦੌਰਾਨ ਸੜਕਾਂ ਜਾਮ ਰਹਿਣਗੀਆਂ ਅਤੇ ਰੇਲ ਗੱਡੀਆਂ ਰੋਕੀਆਂ ਜਾਣਗੀਆਂ। ਲੇਕਿਨ ਲੋਕ ਹਿਤਾਂ ਨੂੰ ਦੇਖਦੇ ਹੋਏ ਐਮਰਜੇਂਸੀ ਸੇਵਾਵਾਂ ਨਿਰਵਿਘਨ ਜਾਰੀ ਰਹਿਣਗੀਆਂ। ਉਹਨਾਂ ਕਿਹਾ ਕਿ ਕਿਸਾਨ ਜੱਥੇਬੰਦੀਆਂ ਦਾ ਇਹ ਬੰਦ ਕੇਂਦਰ ਦੀ ਮੋਦੀ ਸਰਕਾਰ ਨੂੰ ਕਿਸਾਨੀ ਮੰਗਾਂ ਮੰਨਣ ਲਈ ਮਜਬੂਰ ਕਰੇਗਾ। ਉਹਨਾਂ ਸਮੂਹ ਨੌਜਵਾਨਾਂ ਨੂੰ ਵੀ ਬੰਦ ਵਿਚ ਟਰੈਕਟਰਾਂ ਸਮੇਤ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਹਰਵਿੰਦਰ ਸਿੰਘ ਮਾਨਾਂਵਾਲੀ, ਚਰਨਜੀਤ ਸਿੰਘ ਅਠੌਲੀ, ਬਲਜੀਤ ਸਿੰਘ ਹਰਦਾਸਪੁਰ, ਹਰਿੰਦਰ ਸਿੰਘ ਨੰਗਲ ਮਾਝਾ, ਢੱਡਾ ਮਾਨਾਂਵਾਲੀ, ਮੰਗੀ ਸੁੰਨੜਾ ਰਾਜਪੂਤਾਂ, ਸੁਖਵਿੰਦਰ ਸਿੰਘ, ਪਰਮਜੀਤ ਸਿੰਘ ਆਦਿ ਹਾਜਰ ਸਨ।

# ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਧੀਰੂ ਨਗਰ ਵਿੱਖੇ ਮੁਫ਼ਤ ਕਾਨੂੰਨੀ ਸੇਵਾਵਾਂ ਸੈਮੀਨਾਰ ਆਯੋਜਿਤ

ਪਟਿਆਲਾ (ਲੋਕ ਬਾਣੀ)- ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਸਰਪ੍ਰਸਤੀ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵੱਲੋਂ ਸਿੱਖਿਆ ਵਿਭਾਗ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇੱਕ ਮੁਫ਼ਤ ਕਾਨੂੰਨੀ ਸੇਵਾਵਾਂ ਤੇ ਆਵਾਜਾਈ ਜਾਗਰੂਕਤਾ ਸੈਮੀਨਾਰ ਸਰਕਾਰੀ ਸਰਕਾਰੀ ਐਲੀਮੈਂਟਰੀ ਸਕੂਲ ਧੀਰੂ ਨਗਰ, ਪਟਿਆਲਾ ਵਿਖੇ ਆਯੋਜਿਤ ਕੀਤਾ ਗਿਆ।



ਇਸ ਮੌਕੇ ਮੋਟੀਵੇਸ਼ਨਲ ਸਪੀਕਰ ਉੱਘੇ ਸਮਾਜ ਸੇਵੀ ਭਗਵਾਨ ਦਾਸ ਗੁਪਤਾ, ਪੈਰਾ ਲੀਗਲ ਵਲੰਟੀਅਰ ਤੇ ਟ੍ਰੈਫਿਕ ਮਾਰਸ਼ਲ ਟ੍ਰੈਫਿਕ ਵਿੰਗ ਪੰਜਾਬ ਪੁਲਿਸ ਪਟਿਆਲਾ ਵਲੋਂ ਵਿਦਿਆਰਥੀਆਂ ਮਾਪਿਆਂ ਪ੍ਰਬੰਧਕ ਕਮੇਟੀ ਮੈਂਬਰਾਂ ਤੇ ਸਕੂਲ ਮਿਡਡੇ ਮੀਲ ਵਰਕਰਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ, ਲੋਕ ਅਦਾਲਤਾਂ ਦੇ ਲਾਭ ਬਾਰੇ ਦੱਸਿਆ।

ਭਗਵਾਨ ਦਾਸ ਗੁਪਤਾ ਨੇ ਅਥਾਰਟੀ ਵੱਲੋਂ ਦਿੱਤੀਆਂ ਜਾਂਦੀਆਂ ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਪੰਜਾਬ ਵਿਕਟਿਮ ਕੰਪਨਸੇਸ਼ਨ ਸਕੀਮ-20 17 ਬਾਰੇ ਜਾਣਕਾਰੀ ਦਿੱਤੀ।ਓਹਨਾਂ ਨੇ ਆਵਾਜਾਈ ਨਿਯਮਾਂ ਬਾਰੇ ਵੀ ਜਾਣਕਾਰੀ ਦਿੱਤੀ।

ਇਸ ਮੌਕੇ ਸਕੂਲ ਇੰਚਾਰਜ਼ ਅਤੇ ਸਮੂੰਹ ਸਟਾਫ਼ ਵਲੋਂ ਭਗਵਾਨ ਦਾਸ ਗੁਪਤਾ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਅਧਿਆਪਕਾ ਸੁਨੀਤਾ ਨੇ ਧੰਨਵਾਦੀ ਸ਼ਬਦ ਕਹੇ।ਸਕੂਲ ਇੰਚਾਰਜ਼ ਨੇ ਲੋਕਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

## ਗਲ਼ੀ ਸੱਜਣ ਦੀ

ਭੁੱਲ ਭੁਲੇਖੇ ਚਿਰਾਂ ਬਾਅਦ, ਅੱਜ ਗਲ਼ੀ ਸੱਜਣ ਦੀ ਲੰਘੇ ਸੀ,
ਉਹ ਦੇ ਘਰ ਦੇ ਬੂਹੇ ਅੱਗੇ ਆ , ਉਂਝ ਝੂਠਾ ਮੂਠਾ ਖੰਘੇ ਸੀ,

ਉਹਦੀਆਂ ਯਾਦਾਂ ਵਾਲ਼ਾ ਪੰਨਾ, ਅੱਜ ਫੇਰ ਖੋਲ੍ਹ ਕੇ ਬੈਠ ਗਿਆ,
ਉਹਦੀ ਦੀਦ ਨੂੰ ਪਾਉਣ ਲਈ,ਦਿਲ ਕਮਲਾ ਵੀ ਬਹਿਕ ਗਿਆ,

ਬੰਦ ਦਰਵਾਜ਼ੇ ਸ਼ੀਥਾਂ ਥਾਣੀਂ , ਸਾਨੂੰ ਮੁੜ ਨਾ ਕਿਸੇ ਨੇ ਤੱਕਿਆ,
ਫੁੱਲ ਗੁਲਾਬ ਵੀ ਸੁੱਕ ਗਿਆ ਉਹ,ਜੋ ਵਿੱਚ ਕਿਤਾਬਾਂ ਰੱਖਿਆ,

ਸੋਚਿਆ ਸੀ ਕਦੀ ਕੋਲ਼ ਬਹਾ ਕੇ, ਕੁਝ ਦਿਲ ਦੇ ਦਰਦ ਫ਼ਰੋਲਾਂਗੇ,
ਉਹਦੇ ਨੈਣਾਂ ਵਾਲ਼ੇ ਸਮੁੰਦਰ ਚੋਂ, ਕੁਝ ਨਕਸ਼ ਗੁਆਚੇ ਟੋਹ ਲਾਂਗੇ,

ਪਰ ਕੀ ਕਰੀਏ ਵੱਸ ਯਾਦਾਂ ਨੇ ,ਤੇ ਯਾਦਾਂ ਬਣ ਕੇ ਰਹਿ ਜਾਣਾ,
ਨਹੀਂ ਪਤਾ ਸੀ ਪ੍ਰਿੰਸ ਨਿਮਾਣੇ ਨੂੰ, ਹਾਸੇ ਦਾ ਪਾਤਰ ਬਣ ਜਾਣਾ,

ਰਣਬੀਰ ਸਿੰਘ ਪ੍ਰਿੰਸ
# 37/1 ਆਫ਼ਿਸਰ ਕਾਲੋਨੀ
ਸੰਗਰੂਰ 148001
9872299613




## ਪੱਥਰ ਦਿਲ ਕਿਉਂ ਬਣਿਆ ਏ ?

ਕਈ ਨੰਗੇ ਪਿੰਡੇ ਠੁਰੀ ਜਾਂਦੇ ।
ਕੋਈ ਤਪਦੀ ਰੇਤਾ ਚ ਤੁਰੀ ਜਾਂਦੇ ।
ਤੂੰ ਬਣ- ਠਣ ਕੇ ਕਿਵੇਂ ਤਣਿਆ ਏ ?
ਹੱਡ ਮਾਸ ਦਾ ਬਣਿਆ ਏ ।
ਪਰ ਪੱਥਰ ਦਿਲ ਕਿਉਂ ਬਣਿਆ ?
ਕਈ ਭੁੱਖੇ ਪਿਆਸੇ ਮੁੱਕੀ ਜਾਂਦੇ ।
ਟੁਕੜੇ ਟੁਕੜੇ ਲਈ ਟੁੱਟੀ ਜਾਂਦੇ ।
ਤੂੰ ਰੱਜਾ ਪੁੱਜਾ ਕਿਵੇਂ ਗਿਣਿਆ ਏਂ ?
ਹੱਡ ਮਾਸ ਦਾ ਬਣਿਆ ਏਂ।
ਪਰ ਪੱਥਰ ਦਿਲ.......... ?
ਦਿਨ ਦਿਹਾੜੇ ਪੱਤ ਲੁੱਟੀ ਜਾਂਦੇ ।
ਧੀਆਂ ਭੈਣਾਂ ਦੇ ਸਾਹ ਸੁੱਕੀ ਜਾਂਦੇ ।
ਤੂੰ ਬੁੱਤ ਜਿਹਾ ਕਿਵੇਂ ਬਣਿਆ ਏਂ ?
ਹੱਡ ਮਾਸ ਦਾ ਬਣਿਆ ਏਂ ।
ਪਰ ਪੱਥਰ ਦਿਲ............. ?
ਨਸ਼ਿਆਂ ਦੇ ਹੜ੍ਹ ਵਗੀ ਜਾਂਦੇ ।
ਮਾਂਵਾਂ ਦੇ ਪੁੱਤ ਰੁੜ੍ਹੀ ਜਾਂਦੇ ।
ਤੂੰ ਵੈਣਾਂ ਤੋਂ ਕਿਵੇਂ ਅਣਸੁਣਿਆ ਏਂ ?
ਹੱਡ ਮਾਸ ਦਾ ਬਣਿਆ ਏ ।
ਪਰ ਪੱਥਰ ਦਿਲ ........... ?
ਕਈ ਇਨਸਾਫਾਂ ਲਈ ਰੁਲੀ ਜਾਂਦੇ ।
ਫੈਸਲੇ ਪੈਸਿਆਂ ਨਾਲ ਤੁਲੀ ਜਾਂਦੇ ।
ਤੂੰ ਅਣਜਾਣ ਜਿਹਾ ਕਿਵੇਂ ਬਣਿਆ ਏਂ ?
ਹੱਡ ਮਾਸ ਦਾ ਬਣਿਆ ਏਂ।
ਪਰ ਪੱਥਰ ਦਿਲ ............... ?
ਧਰਮਾਂ ਦੇ ਨਾਂ ਤੇ ਠਗੀ ਜਾਂਦੇ ।
ਬੇਗੁਨਾਹਾਂ ਦੇ ਲਹੂ ਵਗੀ ਜਾਂਦੇ ।
ਤੂੰ ਘੁੰਨ-ਵੱਟਾ ਕਿਵੇਂ ਬਣਿਆ ਏਂ ?
ਹੱਡ ਮਾਸ ਦਾ ਬਣਿਆ ਏਂ।
ਪਰ ਪੱਥਰ ਦਿਲ ................ ?
ਆਪਣਾ ਤੂੰ ਜ਼ਮੀਰ ਜਗਾ ਲੈ।
ਇਨਸਾਨੀਅਤ ਦਾ ਫਰਜ਼ ਨਿਭਾ ਲੈ।
ਤੂੰ ਐਨਾ ਖੁਦਗਰਜ਼ ਕਿਵੇਂ ਬਣਿਆ ਏਂ ?
ਹੱਡ ਮਾਸ ਦਾ ਬਣਿਆ ਏਂ।
ਪਰ ਪੱਥਰ ਦਿਲ ਕਿਉਂ ਬਣਿਆ ਏਂ ?



ਲੇਖਕ
ਹਰਜਿੰਦਰ ਕੌਰ
9464288784

# ਕਾਨਪੁਰ ਚ ਸ਼ੁੱਧ ਪਲੱਸ ਦੇ ਮਾਲਕ ਨੂੰ ਜਾਨੋਂ ਮਾਰਨ ਦੀ ਧਮਕੀ, ਰਿਪੋਰਟ ਦਰਜ, ਜਾਂਚ ਸ਼ੁਰੂ

ਕਾਨਪੁਰ (ਸੁਨੀਲ ਬਾਜਪਾਈ) ਇੱਥੇ ਇੱਕ ਅਣਪਛਾਤੇ ਕਾਲਰ ਨੇ ਪੈਸਿਆਂ ਦੀ ਮੰਗ ਕਰਦਿਆਂ ਉਦਯੋਗਪਤੀ ਸ਼ੁੱਧ ਪਲੱਸ ਦੇ ਮਾਲਕ ਦੀਪਕ ਖੇਮਕਾ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਹੈ। ਜਿਸ ਤੇ ਪੁਲਿਸ ਨੇ ਐਫਆਈਆਰ ਦਰਜ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਇਸ ਸਬੰਧੀ ਥਾਣਾ ਕੋਹਾਣਾ ਵਿੱਚ ਦਰਜ ਕਰਵਾਈ ਐਫਆਰ ਅਨੁਸਾਰ ਫੋਨ ਕਰਨ ਵਾਲੇ ਨੇ ਪਾਨ ਮਸਾਲਾ ਸ਼ੁੱਧ ਪਲੱਸ ਦੇ ਮਾਲਕ ਸਨਅਤਕਾਰ ਦੀਪਕ ਖੇਮਕਾ ਨੂੰ ਕਿਹਾ ਕਿ ਜੇਕਰ ਉਹ ਕਾਰੋਬਾਰ ਕਰਨਾ ਚਾਹੁੰਦਾ ਹੈ ਤਾਂ ਪੈਸੇ ਦੇਵੇ। ਜੇਕਰ ਤੁਸੀਂ ਪੈਸੇ ਨਹੀਂ ਦਿੰਦੇ ਤਾਂ ਤੁਹਾਨੂੰ ਮਾਰ ਦਿੱਤਾ ਜਾਵੇਗਾ। ਇਸ ਸਬੰਧੀ ਪੁਲਿਸ ਤੋਂ ਮਿਲੀ ਜਾਣਕਾਰੀ ਅਨੁਸਾਰ ਧਮਕੀਆਂ ਦੇਣ ਵਾਲੇ ਵਿਅਕਤੀ ਦੀ ਲਗਭਗ ਸੂਚਨਾ ਮਿਲੀ ਹੈ। ਜਲਦੀ ਹੀ ਉਸ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ।

ਪ੍ਰਾਪਤ ਜਾਣਕਾਰੀ ਅਨੁਸਾਰ ਸ਼ੁੱਧ ਪਲੱਸ ਪਾਨ ਮਸਾਲਾ ਦੇ ਮਾਲਕ ਸਨਅਤਕਾਰ ਦੀਪਕ ਖੇਮਕਾ ਨੂੰ ਸਵੇਰੇ ਕਰੀਬ ਸਾਢੇ ਗਿਆਰਾਂ ਵਜੇ ਤੀਜੇ ਨੰਬਰ ਤੋਂ ਫ਼ੋਨ ਆਇਆ। ਇਸ 'ਤੇ ਉਸ ਨੂੰ ਫਿਰ ਧਮਕੀ ਦਿੱਤੀ ਗਈ ਕਿ ਤੂੰ ਫੋਨ 'ਤੇ ਨਾਂਹ ਕਰਕੇ ਚੰਗਾ ਨਹੀਂ ਕੀਤਾ। ਹੁਣ ਤੁਸੀਂ ਦੇਖੋਗੇ ਕਿ ਕੀ ਹੁੰਦਾ ਹੈ। ਇਸ ਤੋਂ ਬਾਅਦ ਉਸ ਨੇ ਘਟਨਾ ਦੀ ਸੂਚਨਾ ਪੁਲਸ ਨੂੰ ਦਿੱਤੀ ਅਤੇ ਥਾਣਾ ਕੋਹਾਣਾ ਚ ਐਫ.ਆਈ.ਆਰ.

ਇਸ ਐਫਆਈਆਰ ਵਿੱਚ ਦੀਪਕ ਖੇਮਕਾ ਨੇ ਲਿਖਿਆ ਹੈ ਕਿ ਮੈਂ ਸਵੇਰੇ ਆਪਣੀ ਕਾਰ ਵਿੱਚ ਫੈਕਟਰੀ ਜਾ ਰਿਹਾ ਸੀ। ਇਸੇ ਦੌਰਾਨ ਮੇਰੇ ਮੋਬਾਈਲ ਤੇ ਕਾਲ ਆਈ। ਜਿਵੇਂ ਹੀ ਮੈਂ ਹੈਲੋ ਕਿਹਾ, ਕਾਲਰ ਨੇ ਕਿਹਾ - ਜੇਕਰ ਤੁਸੀਂ ਕਾਰੋਬਾਰ ਨੂੰ ਸਹੀ ਢੰਗ ਨਾਲ ਕਰਨਾ ਚਾਹੁੰਦੇ ਹੋ ਅਤੇ ਸੁਰੱਖਿਅਤ ਰਹਿਣਾ ਚਾਹੁੰਦੇ ਹੋ, ਤਾਂ ਮੇਰੇ ਦੁਆਰਾ ਦਿੱਤੇ ਗਏ ਨੰਬਰ ਤੇ ਤੁਰੰਤ ਸੰਪਰਕ ਕਰੋ।

ਉਸ ਨੇ ਦੱਸਿਆ ਕਿ ਫੋਨ ਕਰਨ ਵਾਲੇ ਨੇ ਇਕ ਹੋਰ ਮੋਬਾਈਲ ਨੰਬਰ ਦਿੱਤਾ ਅਤੇ ਕਿਹਾ- ਇਸ ਨੰਬਰ ਤੇ ਗੱਲ ਕਰੋ। ਜਿਵੇਂ ਉਹ ਕਹਿੰਦੇ ਹਨ ਕਰੋ ਅਤੇ ਤੁਸੀਂ ਸੁਰੱਖਿਅਤ ਰਹੋਗੇ। ਉਸ ਨੇ ਦੂਜੇ ਨੰਬਰ ਤੇ ਕਾਲ ਨਹੀਂ ਕੀਤੀ।

ਸਨਅਤਕਾਰ ਦੀਪਕ ਅਨੁਸਾਰ ਪਰ ਥੋੜ੍ਹੇ ਸਮੇਂ ਵਿੱਚ ਹੀ ਮੈਨੂੰ ਦਿੱਤੇ ਮੋਬਾਈਲ ਨੰਬਰ ਤੋਂ ਦੋ-ਤਿੰਨ ਵਾਰ ਕਾਲ ਆਈ। ਉਸ ਨੇ ਦੱਸਿਆ ਕਿ ਉਸ ਨੇ ਉਸ ਨੰਬਰ ਤੇ ਗੱਲ ਕੀਤੀ ਸੀ। ਉਸ ਨੇ ਪੈਸੇ ਦੇਣ ਲਈ ਕਿਹਾ। ਪਰ ਇਸ ਵਾਰ ਮੈਂ ਕਾਲਰ ਨੂੰ ਸਾਫ਼-ਸਾਫ਼ ਇਨਕਾਰ ਕਰ ਦਿੱਤਾ.

ਪੁਲਿਸ ਨੇ ਦੱਸਿਆ ਕਿ ਸ਼ਿਕਾਇਤ ਦੇ ਆਧਾਰ ਤੇ ਨਾਮ ਛੁਪਾ ਕੇ ਅਪਰਾਧਿਕ ਧਮਕੀ ਅਤੇ ਜਬਰੀ ਵਸੂਲੀ ਦੀ ਧਾਰਾ ਤਹਿਤ ਐਫਆਈਆਰ ਦਰਜ ਕੀਤੀ ਗਈ ਹੈ ਅਤੇ ਜਿਨ੍ਹਾਂ ਨੰਬਰਾਂ ਤੋਂ ਕਾਲ ਆਈ ਸੀ, ਉਨ੍ਹਾਂ ਦੀ ਸੀਡੀਆਰ (ਕਾਲ ਡਿਟੇਲ ਰਿਪੋਰਟ) ਹਾਸਲ ਕੀਤੀ ਜਾ ਰਹੀ ਹੈ।

ਦੱਸ ਦੇਈਏ ਕਿ ਪਾਰਵਤੀ ਬਾਗਲਾ ਰੋਡ ਦੇ ਰਹਿਣ ਵਾਲੇ ਸ਼ੁੱਧ ਪਲੱਸ ਪਾਨ ਮਸਾਲਾ ਪ੍ਰਾਈਵੇਟ ਲਿਮਟਿਡ ਕੰਪਨੀ ਦੇ ਮਾਲਕ ਦੀਪਕ ਖੇਮਕਾ ਦਾ ਦੇਸ਼ ਦੇ ਕਈ ਸ਼ਹਿਰਾਂ ਵਿੱਚ ਕਾਰੋਬਾਰ ਹੈ।

# ਸਰਬ ਨੌਜਵਾਨ ਸਭਾ ਨੇ 'ਆਓ ਪੁੰਨ ਕਮਾਈਏ' ਲੜੀਵਾਰ ਮੁਹਿਮ ਤਹਿਤ

ਫਗਵਾੜਾ ( ਸੁਸ਼ੀਲ ਸ਼ਰਮਾ ) ਸਮਾਜ ਸੇਵਾ ਨੂੰ ਸਮਰਪਿਤ ਪੰਜਾਬ ਦੀ ਮਾਣਮੱਤੀ ਸੰਸਥਾ ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਵਲੋਂ 'ਆਓ ਪੁੰਨ ਕਮਾਈਏ' ਲੜੀਵਾਰ ਮੁਹਿਮ ਤਹਿਤ ਸਾਂਝਾ ਉਪਰਾਲਾ ਕਰਦੇ ਹੋਏ ਨਹਿਰੂ ਯੁਵਾ ਕੇਂਦਰ ਕਪੂਰਥਲਾ ਦੇ ਸਹਿਯੋਗ ਨਾਲ ਇਕ ਹੋਰ ਲੋੜਵੰਦ ਬਜ਼ੁਰਗ ਮਹਿਲਾ ਦੀ ਅੱਖ ਦਾ ਫਰੀ ਓਪਰੇਸ਼ਨ ਕਰਵਾਇਆ ਗਿਆ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਅਤੇ ਉਦਯੋਗਪਤੀ ਜਤਿੰਦਰ ਸਿੰਘ ਕੁੰਦੀ ਦੇ ਆਰਥਿਕ ਸਹਿਯੋਗ ਸਦਕਾ ਅੱਖਾਂ ਦੇ ਮਾਹਿਰ ਡਾ. ਤੁਸ਼ਾਰ ਅੱਗਰਵਾਲ ਦੀ ਟੀਮ ਨੇ ਮੋਤੀਏ ਦੇ ਸ਼ਿਕਾਰ ਮੁੰਨੀ ਦੇਵੀ ਨਾਂ ਦੀ ਮਹਿਲਾ ਦੀ ਅੱਖ 'ਚ ਲੈਂਜ ਪਾ ਕੇ ਨਵੀਂ ਰੌਸ਼ਨੀ ਦਿੱਤੀ। ਇਸ ਮੌਕੇ ਮਾਰਕੀਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਉਹਨਾਂ ਨੇ ਸਭਾ ਵਲੋਂ ਸਮਾਜ ਸੇਵਾ ਵਿਚ ਪਾਏ ਜਾ ਰਹੇ ਯੋਗਦਾਨ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ 'ਆਓ ਪੁੰਨ ਕਮਾਈਏ' ਲੜੀ ਤਹਿਤ ਅੱਖਾਂ ਦੇ ਮਹਿੰਗੇ ਆਪ੍ਰੇਸ਼ਨ ਬਿਲਕੁਲ ਫਰੀ ਕਰਵਾਉਣਾ ਗਰੀਬ ਪਰਿਵਾਰਾਂ ਨਾਲ ਸਬੰਧਤ ਮਰੀਜਾਂ ਲਈ ਬਹੁਤ ਹੀ ਲਾਹੇਵੰਦ ਹੈ। ਹਰੇਕ ਸਮਰੱਥ ਵਿਅਕਤੀ ਨੂੰ ਅਜਿਹੇ ਨੇਕ ਕਾਰਜਾਂ ਵਿਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਸਮਾਜ ਸੇਵਕ ਪਰਮਿੰਦਰ ਸਿੰਘ ਕੁੰਦੀ ਤੇ ਰਮਨ ਨਹਿਰਾ ਨੇ ਵੀ ਸਭਾ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਵੱਧਦਾ ਪ੍ਰਦੂਸ਼ਨ ਅੱਖਾਂ ਲਈ ਬਹੁਤ ਹੀ ਘਾਤਕ ਹੈ। ਇਸ ਲਈ ਸਮੇਂ ਦੀ ਲੋੜ ਹੈ ਕਿ ਪ੍ਰਦੂਸ਼ਨ ਮੁਕਤ ਵਾਤਾਵਰਣ ਸਿਰਜਣ ਵਿਚ ਵੱਧ ਤੋਂ ਵੱਧ ਯੋਗਦਾਨ ਪਾਇਆ ਜਾਵੇ। ਡਾ. ਤੁਸ਼ਾਰ ਅਗਰਵਾਲ ਨੇ ਅੱਖਾਂ ਦੀ ਸੰਭਾਲ ਸਬੰਧੀ ਜਾਣਕਾਰੀ ਦਿੱਤੀ। ਉਹਨਾਂ ਨੇ ਕਿਹਾ ਕਿ ਅੱਖਾਂ ਦੀ ਕਿਸੇ ਤਕਲੀਫ ਨੂੰ ਅੱਖੋਂ ਪਰੋਖੇ ਨਹੀਂ ਕਰਨਾ ਚਾਹੀਦਾ। ਉਹਨਾ ਇਹ ਭਰੋਸਾ ਵੀ ਦਿੱਤਾ ਕਿ ਉਹਨਾਂ ਦਾ ਹਸਪਤਾਲ ਵੱਧ ਤੋਂ ਵੱਧ ਲੋੜਵੰਦਾਂ ਦੀਆਂ ਅੱਖਾਂ ਦਾ ਆਪਰੇਸ਼ਨ ਕਰਵਾਉਣ ਵਿੱਚ ਸਭਾ ਨੂੰ ਸਹਿਯੋਗ ਦਿੰਦਾ ਰਹੇਗਾ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਤੇ ਸਮਾਜ ਸੇਵਕ ਜਤਿੰਦਰ ਸਿੰਘ ਕੁੰਦੀ ਨੇ ਸਭਾ ਦੇ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ 'ਆਓ ਪੁੰਨ ਕਮਾਈਏ' ਸਭਾ ਦਾ ਸਥਾਈ ਪ੍ਰੋਜੈਕਟ ਹੈ। ਇਸ ਵਾਰ ਸਰਦੀ ਦੇ ਮੌਸਮ 'ਚ ਇਸੇ ਪ੍ਰੋਜੈਕਟ ਤਹਿਤ ਲੋੜਵੰਦਾਂ ਨੂੰ ਗਰਮ ਜਰਸੀਆਂ ਦੀ ਵੰਡ ਵੀ ਲਗਾਤਾਰ ਕੀਤੀ ਜਾ ਰਹੀ ਹੈ। ਸਭਾ ਵਲੋਂ ਪਤਵੰਤਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਡਾ.ਵਿਜੇ ਕੁਮਾਰ, ਆਰ.ਪੀ.ਸ਼ਰਮਾ, ਨਰਿੰਦਰ ਸੈਣੀ, ਗੁਰਦੀਪ ਸਿੰਘ ਤੁਲੀ ਕੋਆਰਡੀਨੇਟਰ ਵਪਾਰ ਸੈਲ ਫਗਵਾੜਾ,ਵਿਨੋਦ ਭਾਸਕਰ ਬਲਾਕ ਪ੍ਰਧਾਨ ਆਪ,ਰਾਕੇਸ਼ ਕੋਛੜ,ਪ੍ਰਵਾਸੀ ਭਾਰਤੀ ਮਦਨ ਲਾਲ ਕੋਰੋਟਾਨਿਆ, ਜਗਜੀਤ ਸੇਠ, ਜੀਤ ਰਾਮ, ਅਮਰਿੰਦਰ ਸਿੰਘ, ਵਿਜੈ ਤ੍ਰਿਖਾ ਸ਼ੋਸ਼ਲ ਮੀਡੀਆ ਇੰਚਾਰਜ ਤੇ ਸੁਖਦੇਵ ਸਿੰਘ ਲੱਲ ਆਦਿ ਹਾਜ਼ਰ ਸਨ।



# 15ਵੇਂ ਰਾਸ਼ਟਰੀ ਵੋਟਰ ਦਿਵਸ ਨੂੰ ਸਮਰਪਿਤ ਪੰਜਾਬ ਚੋਣ ਕੁਇੱਜ਼-2025 ਤਹਿਤ ਆਨਲਾਈਨ ਮੁਕਾਬਲੇ 19 ਜਨਵਰੀ ਨੂੰ

ਲੁਧਿਆਣਾ, (ਸੁਖਚੈਨ ਮਹਿਰਾ) ਲੋਕਤੰਤਰ ਵਿੱਚ ਲੋਕਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਅਤੇ ਉਨ੍ਹਾਂ ਨੂੰ ਵੋਟ ਪਾਉਣ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਮੁੱਖ ਚੋਣ ਅਫ਼ਸਰ, ਪੰਜਾਬ ਦੁਆਰਾ '15ਵੇਂ ਰਾਸ਼ਟਰੀ ਵੋਟਰ ਦਿਵਸ ਨੂੰ ਸਮਰਪਿਤ ਪੰਜਾਬ ਚੋਣ ਕੁਇੱਜ਼-2025' ਦਾ ਆਯੋਜਨ ਕਰਵਾਇਆ ਜਾ ਰਿਹਾ ਹੈ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਪੰਜਾਬ ਚੋਣ ਕੁਇੱਜ਼-2025' ਆਨਲਾਈਨ ਅਤੇ ਆਫ਼ਲਾਈਨ ਦੋਵਾਂ ਢੰਗਾਂ ਨਾਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਲਈ ਆਨਲਾਈਨ ਰਜਿਸਟ੍ਰੇਸ਼ਨ ਅੱਜ ਤੋਂ ਸ਼ੁਰੂ ਹੋ ਗਈ ਹੈ ਅਤੇ 17 ਜਨਵਰੀ, 2025 ਤੱਕ ਕੀਤੀ ਜਾ ਸਕਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਆਨਲਾਈਨ ਚੋਣ ਕੁਇੱਜ਼ ਮੁਕਾਬਲਾ 19 ਜਨਵਰੀ, 2025 ਨੂੰ ਹੋਵੇਗਾ ਅਤੇ ਰਾਜ ਪੱਧਰੀ ਆਫ਼ਲਾਈਨ ਮੁਕਾਬਲਾ 24 ਜਨਵਰੀ, 2025 ਨੂੰ ਲੁਧਿਆਣਾ ਵਿਖੇ ਹੋਵੇਗਾ।

ਸ੍ਰੀ ਜਤਿੰਦਰ ਜੋਰਵਾਲ ਨੇ ਅੱਗੇ ਦੱਸਿਆ ਕਿ ਪਹਿਲੇ ਗੇੜ ਵਿੱਚ ਜੇਤੂਆਂ ਦੀ ਪਛਾਣ ਜ਼ਿਲ੍ਹਾ ਪੱਧਰ ਤੇ ਆਨਲਾਈਨ ਮੁਕਾਬਲੇ ਤਹਿਤ ਕੀਤੀ ਜਾਵੇਗੀ ਅਤੇ ਅੰਤਿਮ ਆਫ਼ਲਾਈਨ ਮੁਕਾਬਲਾ 24 ਜਨਵਰੀ, 2025 ਨੂੰ ਲੁਧਿਆਣਾ ਵਿਖੇ 23 ਜ਼ਿਲ੍ਹਿਆਂ ਦੇ ਜੇਤੂਆਂ ਵਿਚਕਾਰ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਚੋਣ ਕੁਇਜ਼-2025 ਲਈ ਆਨਲਾਈਨ ਰਜਿਸਟ੍ਰੇਸ਼ਨ https://Punjab.indiastatquiz.com ਤੇ ਕੀਤੀ ਜਾ ਸਕਦੀ ਹੈ।




ਸ੍ਰੀ ਜਤਿੰਦਰ ਜੋਰਵਾਲ ਨੇ ਅੱਗੇ ਦੱਸਿਆ ਕਿ ਮੁਕਾਬਲੇ ਵਿੱਚ ਹਿੱਸਾ ਲੈਣ ਲਈ ਵੋਟਰ ਸ਼ਨਾਖ਼ਤੀ ਕਾਰਡ, ਆਧਾਰ ਕਾਰਡ ਅਤੇ ਸਕੂਲ/ਕਾਲਜ ਵਲੋਂ ਜਾਰੀ ਕੀਤਾ ਗਿਆ ਪਹਿਚਾਣ ਪੱਤਰ ਜਮ੍ਹਾਂ ਕਰਵਾਇਆ ਜਾ ਸਕਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਰਾਜ ਪੱਧਰ ਤੇ ਜੇਤੂਆਂ ਨੂੰ ਵਿਸ਼ੇਸ਼ ਇਨਾਮ ਦਿੱਤੇ ਜਾਣਗੇ ਜਿਸ ਵਿੱਚ ਪਹਿਲਾ ਜੇਤੂ ਨੂੰ ਇੱਕ ਵਿੰਡੋਜ਼ ਲੈਪਟਾਪ, ਦੂਜੇ ਜੇਤੂ ਨੂੰ ਐਂਡਰਾਇਡ ਟੈਬਲੇਟ, ਤੀਜਾ ਜੇਤੂ ਨੂੰ ਇੱਕ ਸਮਾਰਟ ਵਾਚ ਅਤੇ ਪੰਜਾਬ ਦੇ ਹਰੇਕ ਜ਼ਿਲ੍ਹੇ ਦੇ ਟੌਪਰ ਲਈ ਇੱਕ ਸਮਾਰਟਫੋਨ ਸ਼ਾਮਲ ਹਨ ਅਤੇ ਸਾਰੇ ਭਾਗੀਦਾਰਾਂ ਨੂੰ ਭਾਗੀਦਾਰੀ ਸਰਟੀਫਿਕੇਟ ਪ੍ਰਾਪਤ ਹੋਵੇਗਾ।

ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਜਤਿੰਦਰ ਜੋਰਵਾਲ ਨੇ ਨੌਜਵਾਨ ਵੋਟਰਾਂ ਨੂੰ 'ਰਾਸ਼ਟਰੀ ਵੋਟਰ ਦਿਵਸ' ਨੂੰ ਸਮਰਪਿਤ ਕਰਵਾਏ ਜਾ ਰਹੇ ਆਨਲਾਈਨ ਕੁਇੱਜ਼ ਮੁਕਾਬਲੇ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ।

# ਵਧੀਕ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਪੀ.ਐਮ.ਵਿਸ਼ਵਕਰਮਾ ਸਕੀਮ ਡਿਸਟ੍ਰਿਕਟ ਇੰਪਲੀਮੈਂਟੇਸ਼ਨ ਕਮੇਟੀ ਦੀ ਮੀਟਿੰਗ ਦਾ ਆਯੋਜਨ

ਮਾਲੇਰਕੋਟਲਾ :(ਕਿਮੀ ਅਰੋੜਾ,ਅਸਲਮ ਨਾਜ਼) ਸਰਕਾਰ ਵੱਲੋਂ ਚਲਾਈ ਜਾ ਰਹੀ ਪ੍ਰਧਾਨ ਮੰਤਰੀ ਵਿਸ਼ਵਕਰਮਾ ਸਕੀਮ ਸਬੰਧੀ ਡਿਸਟ੍ਰਿਕਟ ਇੰਪਲੀਮੈਨਟੇਸ਼ਨ ਕਮੇਟੀ ਦੀ ਮੀਟਿੰਗ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਇਸ ਸਕੀਮ ਅਧੀਨ ਆਈਆਂ ਅਰਜ਼ੀਆਂ ਨੂੰ ਵੈਰੀਫਾਈ ਕਰਨ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਹੱਥੀਂ ਅਤੇ ਰਵਾਇਤੀ ਔਜ਼ਾਰਾਂ ਨਾਲ ਕੰਮ ਕਰਨ ਵਾਲੇ ਹੁਨਰਮੰਦਾਂ ਨੂੰ ਉਤਸ਼ਾਹਿਤ ਕਰਨ ਲਈ ਅਤੇ ਕੰਮ ਨੂੰ ਵਧਾਉਣ ਲਈ ਇਸ ਸਕੀਮ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਸੰਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਸ ਸਕੀਮ ਸਬੰਧੀ ਹੇਠ ਪੱਧਰ ਤੱਕ ਪਹੁੰਚ ਬਣਾ ਕੇ ਵੱਧ ਤੋਂ ਵੱਧ ਹੱਥੀਂ ਅਤੇ ਰਵਾਇਤੀ ਔਜ਼ਾਰਾਂ ਨਾਲ ਕੰਮ ਕਰਨ ਵਾਲੇ ਹੁਨਰਮੰਦਾਂ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ਤਾਂ ਜੋ ਇਸ ਸਕੀਮਾਂ ਦਾ ਵੱਧ ਤੋਂ ਵੱਧ ਉਹ ਲਾਹਾ ਲੈ ਸਕਣ ।

ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਮਾਲੇਰਕੋਟਲਾ ਮਨਿੰਦਰ ਸਿੰਘ ਨੇ ਡਿਸਟ੍ਰਿਕਟ ਇੰਪਲੀਮੈਨਟੇਸ਼ਨ ਕਮੇਟੀ ਕੋਲ ਸਟੇਜ-2 ਦੀ ਵੈਰੀਫਿਕੇਸ਼ਨ ਅਧੀਨ 94 ਪੈਂਡਿੰਗ ਕੇਸ ਨੂੰ ਰੱਖਦਿਆ ਇਸ ਸਕੀਮ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ 18 ਵੱਖ-ਵੱਖ ਤਰ੍ਹਾਂ ਤੇ ਕਿੱਤਿਆਂ ਜਿਵੇਂ ਕੇ ਦਰਜੀ, ਧੋਬੀ, ਲੌਹਾਰ, ਘੁਮਿਆਰ,




ਮਾਲਾਕਰ ਆਦਿ ਨਾਲ ਸਬੰਧਤ ਹੁਨਰਮੰਦਾਂ ਨੂੰ ਟ੍ਰੇਨਿੰਗ, ਟੂਲ ਕਿੱਟ ਅਤੇ ਰਿਆਇਤੀ ਵਿਆਜ ਦਰਾਂ ਅਤੇ ਬੈਂਕ ਕਰਜੇ ਮੁੱਹਈਆ ਕਰਵਾਏ ਜਾਂਦੇ ਹਨ।ਜਿਨ੍ਹਾਂ ਦੀ ਰਜਿਸਟ੍ਰੇਸ਼ਨ ਸੀ.ਐਸ.ਸੀ (ਕਾਮਨ ਸਰਵਿਸ ਸੈਂਟਰ) ਰਾਹੀਂ ਕੀਤੀ ਜਾ ਰਹੀ ਹੈ। ਇਸ ਸਕੀਮ ਅਧੀਨ ਪਹਿਲੀ ਸਟੇਜ ਦੌਰਾਨ ਪੇਂਡੂ ਖੇਤਰ ਵਿੱਚ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਅਤੇ ਸ਼ਹਿਰੀ ਖੇਤਰ ਵਿੱਚ ਕਾਰਜ ਸਾਧਕ ਅਫਸਰ ਵੱਲੋਂ ਸੀ.ਐਸ.ਸੀ ਅਧੀਨ ਰਜਿਸਟਰ ਹੋਏ ਪ੍ਰਾਰਥੀਆਂ ਦੀ ਨਿੱਜੀ ਪੱਧਰ ਤੇ ਵੈਰੀਫਿਕੇਸ਼ਨ ਕੀਤੀ ਜਾਂਦੀ ਹੈ, ਜਿਸ ਤੋਂ ਬਾਅਦ ਇਹ ਕੇਸ ਡਿਸਟ੍ਰਿਕਟ ਇੰਪਲੀਮੈਨਟੇਸ਼ਨ ਕਮੇਟੀ ਨੂੰ ਅਗਲੀ ਕਾਰਵਾਈ ਲਈ ਭੇਜ ਦਿੱਤੇ ਜਾਂਦੇ ਹਨ।ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਚੁਣੇ ਗਏ ਪ੍ਰਾਰਥੀਆਂ ਨੂੰ 15 ਦਿਨਾਂ ਦੀ ਟ੍ਰੇਨਿੰਗ ਦਿੱਤੀ ਜਾਂਦੀ ਹੈ। ਟ੍ਰੇਨਿੰਗ ਦੌਰਾਨ ਰੋਜਾਨਾ 500 ਰੁ: ਸਟਾਈਪੈਂਡ ਅਤੇ 15000 ਰੁ: ਦੀ ਟੂਲ-ਕਿੱਟ ਦਿੱਤੀ ਜਾਂਦੀ ਹੈ। ਟ੍ਰੇਨਿੰਗ ਪੂਰੀ ਹੋਣ ਉਪਰੰਤ ਇੱਕ ਲੱਖ ਰੁਪਏ ਤੱਕ ਦਾ ਲੋਨ 5 ਫ਼ੀਸਦੀ ਵਿਆਜ ਦਰ ਤੇ 18 ਮਹੀਨਿਆਂ ਲਈ ਦਿੱਤਾ ਜਾਂਦਾ ਹੈ। ਪਹਿਲਾ ਲੋਨ ਸਫਲਤਾ ਪੂਰਵਕ ਪੂਰ ਹੋਣ ਤੇ 2 ਲੱਖ ਰੁਪਏ ਤੱਕ ਦਾ ਲੋਨ 5 ਫ਼ੀਸਦੀ ਵਿਆਜ ਦਰ ਤੇ 30 ਮਹੀਨਿਆਂ ਲਈ ਦਿੱਤਾ ਜਾਂਦਾ ਹੈ। ਇਸ ਮੌਕੇ ਕਾਰਜ ਸਾਧਕ ਅਫ਼ਸਰ ਅਪਰਅਪਾਰ ਸਿੰਘ,ਕਾਰਜ ਸਾਧਕ ਅਫ਼ਸਰ ਵਿਕਾਸ ਉੱਪਲ, ਬੀ.ਡੀ.ਪੀ.ਓ ਜੁਗਰਾਜ ਸਿੰਘ, ਪੰਚਾਇਤ ਅਫਸਰ ਕਰਮਜੀਤ ਸਿੰਘ ਤੋਂ ਇਲਾਵਾ ਹੋਰ ਕਮੇਟੀ ਮੈਂਬਰ ਵੀ ਮੌਜੂਦ ਸਨ ।

# ਸਰਦੀ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਐਡਵਾਈਜ਼ਰੀ ਜਾਰੀ

ਮਾਲੇਰਕੋਟਲਾ :(ਕਿਮੀ ਅਰੋੜਾ,ਅਸਲਮ ਨਾਜ਼)

ਪਹਾੜੀ ਖੇਤਰਾਂ ਵਿੱਚ ਬਰਫਵਾਰੀ ਹੋਣ ਕਾਰਣ ਪੰਜਾਬ ਦੇ ਤਾਪਮਾਨ ਵਿੱਚ ਲਗਾਤਾਰ ਗਿਰਾਵਟ ਦਰਜ ਹੋਣ ਠੰਡ ਲਗਾਤਾਰ ਵੱਧ ਰਹੀ ਹੈ । ਸਰਦੀ ਨੂੰ ਮੁੱਖ ਰੱਖਦੇ ਹੋਏ ਇਸ ਮੌਸਮ ਵਿੱਚ ਬਿਮਾਰੀਆਂ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਐਡਵਾਈਜ਼ਰੀ ਜਾਰੀ ਕੀਤੀ ਗਈ। ਇਹ ਜਾਣਕਾਰੀ ਐਸ.ਐਮ.ਓ ਮਾਲੇਰਕੋਟਲਾ ਡਾ ਜਗਜੀਤ ਸਿੰਘ ਨੇ ਦਿੱਤੀ।

ਇਸ ਮੌਕੇ ਡਾ ਜਗਜੀਤ ਸਿੰਘ ਨੇ ਅਪੀਲ ਕੀਤੀ ਕਿ ਸ਼ੀਤ ਲਹਿਰ ਨਾਲ ਜ਼ਿਆਦਾਤਰ ਬਜ਼ੁਰਗ ਅਤੇ ਛੋਟੇ ਬੱਚੇ ਜਿਆਦਾ ਪ੍ਰਭਾਵਤ ਹੁੰਦੇ ਹਨ। ਉਨ੍ਹਾਂ ਨੂੰ ਸਰਦੀ ਲੱਗਣ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਇਸ ਲਈ ਬਜੁਰਗ ਅਤੇ ਦਿਲ ਦੇ ਰੋਗਾਂ ਦੇ ਮਰੀਜ਼ ਸਵੇਰ ਅਤੇ ਦੇਰ ਸ਼ਾਮ ਦੇ ਸਮੇਂ ਜਿਆਦਾ ਠੰਡ ਅਤੇ ਧੁੰਦ ਹੋਣ ਤੇ ਸੈਰ ਕਰਨ ਜਾਂ ਘਰੋਂ ਬਾਹਰ ਜਾਣ ਤੋਂ ਗੁਰੇਜ਼ ਕਰਨ ਅਤੇ ਸ਼ੀਤ ਲਹਿਰ ਦੇ ਮੱਦੇਨਜ਼ਰ ਦੋ-ਪਹੀਆ ਵਾਹਨ ਦੀ ਵਰਤੋ ਘੱਟ ਕੀਤੀ ਜਾਵੇ। ਛੋਟੇ ਬੱਚਿਆਂ ਨੂੰ ਇਸ ਮੌਸਮ ਵਿੱਚ ਨਿਮੋਨੀਆ ਹੋਣ ਦਾ ਖਤਰਾ ਜਿਆਦਾ ਰਹਿੰਦਾ ਹੈ ਅਤੇ ਠੰਡ ਲੱਗਣ ਨਾਲ ਛੋਟੇ ਬੱਚਿਆਂ ਨੂੰ ਉਲਟੀ, ਦਸਤ ਵੀ ਲੱਗ ਸਕਦੇ ਹਨ। ਇਸ ਲਈ ਬੱਚਿਆਂ ਦੀ ਸੰਭਾਲ ਵੱਲ ਖਾਸ ਧਿਆਨ ਦਿੰਦੇ ਹੋਏ ਸਰਦੀ ਤੋਂ ਬਚਾਅ ਲਈ ਛੋਟੇ ਬੱਚਿਆਂ ਨੂੰ ਪੂਰੀ ਤਰ੍ਹਾਂ ਸਰੀਰ ਢੱਕਣ ਵਾਲੇ ਗਰਮ ਕੱਪੜੇ ਪਾਉਣ ਦੇ ਨਾਲ ਸਿਰ ਤੇ ਟੋਪੀ ਅਤੇ ਪੈਰਾਂ ਵਿੱਚ ਜੁਰਾਬਾਂ ਜ਼ਰੂਰ ਪਾਈਆਂ ਜਾਣ।

ਉਨ੍ਹਾਂ ਕਿਹਾ ਕਿ ਸਰਦੀ ਦੇ ਮੌਸਮ ਵਿੱਚ ਘਰਾਂ ਵਿੱਚ ਬੰਦ ਕਮਰੇ ਵਿੱਚ ਅੰਗੀਠੀ ਬਾਲ ਕੇ ਕਦੇ ਵੀ ਅੱਗ ਨਾ ਸੇਕੀ ਜਾਵੇ, ਕਿਉਂਕਿ ਅੱਗ ਬਲਣ ਨਾਲ ਕਾਰਬਨ ਮੋਨੋਆਕਸਾਈਡ ਗੈਸ ਬਣਦੀ ਹੈ ਅਤੇ ਜਿਸ ਨਾਲ ਬੰਦ ਕਮਰੇ ਵਿੱਚ ਆਕਸੀਜਨ ਦੀ ਕਮੀ ਹੋ ਜਾਂਦੀ ਹੈ, ਜੋ ਕਿ ਸਾਡੇ ਲਈ ਜਾਨਲੇਵਾ ਵੀ ਸਾਬਤ ਹੋ ਸਕਦੀ ਹੈ। ਉਹਨਾਂ ਕਿਹਾ ਕਿ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਅਧੀਨ ਆਉਂਦੇ ਹਸਪਤਾਲਾਂ ਦੇ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਠੰਢ ਨਾਲ ਪੀੜਤ ਮਰੀਜ਼ਾਂ ਦੇ ਇਲਾਜ ਲਈ ਹਸਪਤਾਲਾਂ ਵਿੱਚ ਲੋੜੀਂਦੇ ਇੰਤਜ਼ਾਮ ਕਰਨ ਲਈ ਕਿਹਾ ਗਿਆ ਹੈ। ਉਹਨਾਂ ਕਿਹਾ ਕਿ ਸਰਦੀ ਲੱਗਣ ਨਾਲ ਆਮ ਤੌਰ 'ਤੇ ਫਲੂ ਹੋ ਜਾਂਦਾ ਹੈ। ਠੰਢ ਵਿਚ ਕੰਬਣੀ ਆਉਣ ਨੂੰ ਵੀ ਨਜ਼ਰਅੰਦਾਜ਼ ਨਾ ਕੀਤਾ ਜਾਵੇ, ਕਿਉਂਕਿ ਇਹ ਪਹਿਲਾ ਸੰਕੇਤ ਹੈ ਕਿ ਤੁਹਾਡਾ ਸਰੀਰ ਗਰਮੀ ਗਵਾ ਰਿਹਾ ਹੈ।ਅਜਿਹੀ ਹਾਲਤ ਵਿੱਚ ਸ਼ਰਾਬ ਦਾ ਸੇਵਨ ਹਾਈਪੋਥਰਮੀਆ (ਸਰੀਰ ਦੇ ਤਾਪਮਾਨ ਵਿੱਚ ਗਿਰਾਵਟ) ਕਾਰਨ ਮੌਤ ਦੇ ਜੋਖ਼ਮ ਨੂੰ ਹੋਰ ਵਧਾ ਦਿੰਦਾ ਹੈ। ਲੰਮਾ ਸਮਾਂ ਜ਼ੁਕਾਮ ਰਹਿਣ ਕਾਰਨ ਜਾਂ ਠੰਢ ਕਾਰਨ ਹੱਥਾਂ/ਪੈਰਾਂ ਦੀਆਂ ਉਂਗਲਾਂ, ਨੱਕ ਜਾਂ ਕੰਨਾਂ ਦੇ ਬਾਹਰਲੇ ਪਾਸੇ ਕਾਲੇ ਛਾਲੇ ਹੋ ਸਕਦੇ ਹਨ। ਅਜਿਹੇ ਹਾਲਤਾਂ ਵਿੱਚ ਤੁਰੰਤ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ।

ਐਸ.ਐਮ.ਓ ਨੇ ਕਿਹਾ ਕਿ ਦਮਾ ਅਤੇ ਸਾਹ ਦੀ ਬਿਮਾਰੀ ਦੇ ਮਰੀਜ਼ ਬਹੁਤੀ ਜ਼ਿਆਦਾ ਠੰਢ ਹੋਣ ਤੇ ਘਰੋਂ ਬਾਹਰ ਜਾਣ ਤੋਂ ਗੁਰੇਜ਼ ਕਰਨ ਅਤੇ ਖ਼ੁਰਾਕ ਵਿੱਚ ਵੀ ਗਰਮ ਚੀਜ਼ਾਂ ਜਿਵੇਂ ਸੂਪ, ਚਾਹ, ਕਾਫ਼ੀ, ਸੰਤੁਲਿਤ ਖ਼ੁਰਾਕ ਦਾ ਸੇਵਨ ਕਰਨ। ਇਸ ਮੌਸਮ ਵਿੱਚ ਗਰਮ ਕੱਪੜੇ ਦੋ ਜਾਂ ਤਿੰਨ ਪਰਤਾਂ ਵਿੱਚ ਪਾਏ ਜਾਣ ਤਾਂ ਜੋ ਸਰੀਰ ਦਾ ਤਾਪਮਾਨ ਨਾਰਮਲ ਬਣਿਆ ਰਹੇ। ਸਰੀਰ ਵਿੱਚ ਪਾਣੀ ਦੀ ਘਾਟ ਨੂੰ ਪੂਰਾ ਕਰਨ ਲਈ ਥੋੜ੍ਹੇ ਥੋੜ੍ਹੇ ਸਮੇਂ ਜਾ ਲੋੜ ਅਨੁਸਾਰ ਕੋਸਾ ਜਾਂ ਗਰਮ ਗੁਨਗੁਨਾ ਪਾਣੀ ਪੀਤਾ ਜਾਵੇ, ਸੰਤੁਲਿਤ ਖ਼ੁਰਾਕ ਦਾ ਸੇਵਨ ਕੀਤਾ ਜਾਵੇ। ਉਹਨਾਂ ਕਿਹਾ ਕਿ ਸੰਘਣੀ ਧੁੰਦ ਕਾਰਨ ਯਾਤਾਯਾਤ ਦੌਰਾਨ ਦੁਰਘਟਨਾਵਾਂ ਤੋਂ ਬਚਾਅ ਲਈ ਬੇਲੋੜੀ ਯਾਤਰਾ ਨੂੰ ਟਾਲਿਆ ਜਾਵੇ

# ਪੰਜਾਬ ਅਤੇ ਚੰਡੀਗੜ੍ਹ 'ਚ ਬਦਲਿਆ ਮੌਸਮ, ਗੜ੍ਹੇਮਾਰੀ ਅਤੇ ਭਾਰੀ ਮੀਂਹ ਨੇ ਵਧਾਈਆਂ ਮੁਸ਼ਕਲਾਂ



(ਲੋਕ ਬਾਣੀ)- ਪੰਜਾਬ ਤੇ ਚੰਡੀਗੜ੍ਹ ਮੌਸਮ ਨੇ ਪੂਰੀ ਤਰ੍ਹਾਂ ਨਾਲ ਕਰਵਟ ਲੈ ਲਈ ਹੈ। ਟ੍ਰਾਈ ਸਿਟੀ ਵਿੱਚ ਭਾਰੀ ਗੜ੍ਹੇਮਾਰੀ ਹੋਈ ਤਾਂ ਪੰਜਾਬ ਦੇ ਬਾਕੀ ਜ਼ਿਲ੍ਹਿਆਂ ਵਿੱਚ ਭਾਰੀ ਮੀਂਹ ਪੈ ਰਿਹਾ ਹੈ। ਮੀਂਹ ਤੋਂ ਬਾਅਦ ਪੂਰੇ ਸੂਬੇ ਵਿੱਚ ਇੱਕ ਵਾਰ ਮੁੜ ਤੋਂ ਸ਼ੀਤ ਲਹਿਰ ਦਾ ਪ੍ਰਕੋਪ ਵੇਖਣ ਨੂੰ ਮਿਲ ਰਿਹਾ ਹੈ। ਮੀਂਹ ਕਰਕੇ ਲੋਕਾਂ ਦੀਆਂ ਮੁਸ਼ਕਲਾਂ ਵੀ ਕਾਫ਼ੀ ਵੱਧ ਗਈਆਂ ਹਨ। ਥਾਂ-ਥਾਂ ਤੇ ਪਾਣੀ ਜਮ੍ਹਾ ਹੋਣ ਕਰਕੇ ਕਈ ਥਾਵਾਂ ਤੇ ਭਾਰੀ ਟ੍ਰੈਫਿਕ ਜਾਮ ਦੀਆਂ ਵੀ ਖ਼ਬਰਾਂ ਆ ਰਹੀਆਂ ਹਨ।

# ਕਰਨਵੀਰ ਹਸਪਤਾਲ ਵੱਲੋਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਚਾਹ, ਬਰੈਡ ਪਕੌੜਿਆਂ ਦਾ ਲਗਾਇਆ ਗਿਆ ਲੰਗਰ



ਮਲੇਰਕੋਟਲਾ, (ਲੋਕ ਬਾਣੀ)- ਸਥਾਨਕ ਕਰਨਵੀਰ ਹਸਪਤਾਲ ਦੇ ਡਾਕਟਰ ਕਰਨਵੀਰ ਸਿੰਘ ਅਤੇ ਡਾਕਟਰ ਪ੍ਰਭਲੀਨ ਕੌਰ ਵੱਲੋਂ ਆਪਣੇ ਸਮੁੱਚੇ ਸਟਾਫ ਨਾਲ ਮਿਲਕੇ ਸਰਕਾਰੀ ਹਸਪਤਾਲ ਦੇ ਸਾਹਮਣੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਚਾਹ, ਬਰੈਡ ਪਕੌੜਿਆਂ ਦਾ ਲੰਗਰ ਲਗਾਇਆ ਗਿਆ। ਇਸ ਦੌਰਾਨ ਹਸਪਤਾਲ 'ਚ ਇਲਾਜ਼ ਕਰਵਾਉਣ ਲਈ ਆਏ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਸਾਂ ਸਮੇਤ ਆਉਂਦੀਆਂ ਜਾਂਦੀਆਂ ਸੰਗਤਾਂ ਨੇ ਗਰਮਾ-ਗਰਮ ਚਾਹ ਤੇ ਬਰੈਡ ਪਕੌੜਿਆਂ ਦਾ ਲੰਗਰ ਛੱਕ ਕੇ ਕੜਾਕੇ ਦੀ ਠੰਡ 'ਚ ਰਾਹਤ ਮਹਿਸੂਸ ਕੀਤੀ। ਕਰਨਵੀਰ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਸੁਰਿੰਦਰ ਸਿੰਘ ਅਤੇ ਡਾਇਰੈਕਟਰ ਮੈਡਮ ਸ਼ਸ਼ੀ ਸਮੇਤ ਡਾਕਟਰ ਕਰਨਵੀਰ ਸਿੰਘ ਅਤੇ ਡਾਕਟਰ ਪ੍ਰਭਲੀਨ ਕੌਰ ਨੇ ਇਸ ਮੌਕੇ ਜੁੜੀਆਂ ਸੰਗਤਾਂ ਨੂੰ ਸੰਬੋਧਨ ਦੌਰਾਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਵੱਲੋਂ ਦਿੱਤੀ ਗਈ ਕੁਰਬਾਨੀ ਦੇ ਇਤਿਹਾਸ ਤੋਂ ਜਾਣੂ ਕਰਵਾਉਂਦਿਆਂ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਮਹਾਨ ਕੁਰਬਾਨੀ ਵਿਸ਼ਵ ਭਰ ਅੰਦਰ ਮਨੁੱਖਤਾ ਦੇ ਇਤਿਹਾਸ 'ਚ ਬੇਮਿਸ਼ਾਲ ਹੈ। ਉਨ੍ਹਾਂ ਕਿਹਾ ਕਿ ਮਾਤਾ ਗੁਜਰੀ ਜੀ ਸਮੇਤ ਸਾਹਿਬਜਾਦਾ ਜ਼ੋਰਾਵਰ ਸਿੰਘ ਅਤੇ ਸਾਹਿਬਜ਼ਾਦਾ ਫਤਿਹ ਸਿੰਘ ਦੀ ਸ਼ਹਾਦਤ ਨੇ ਸਦੀਆਂ ਤੋਂ ਪੰਜਾਬੀਆਂ ਨੂੰ ਬੇਇਨਸਾਫੀ ਅਤੇ ਜ਼ੁਲਮ ਵਿਰੁੱਧ ਲੜਣ ਦੀ ਪ੍ਰੇਰਣਾ ਦਿੱਤੀ ਹੈ ਅਤੇ ਛੋਟੇ ਸਾਹਿਬਜ਼ਾਦਿਆਂ ਵੱਲੋਂ ਛੋਟੀ ਉਮਰ 'ਚ ਦਿੱਤੀ ਗਈ ਮਹਾਨ ਕੁਰਬਾਨੀ ਦੀ ਮਿਸ਼ਾਲ ਸੰਸਾਰ ਦੇ ਇਤਿਹਾਸ 'ਚ ਕਿਤੇ ਵੀ ਨਹੀਂ ਮਿਲਦੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ.ਚਮਨਜੋਤ ਸਿੰਘ, ਸਹਾਰਾ ਸੁਸਾਇਟੀ ਦੇ ਪ੍ਰਧਾਨ ਅਜ਼ਹਰ ਮੁਨੀਮ, ਮੂਨੀਬ ਆਲਮ, ਲਿਆਕਤ ਅਲੀ, ਇੰਤਖਾਬ ਆਲਮ, ਅੱਖਤਰ ਪਠਾਨ, ਅਕਾਸ਼ਦੀਪ ਸਿੰਘ, ਲਖਵੀਰ ਸਿੰਘ, ਮਹਿਮੂਦ ਰਾਣਾ, ਸ਼ਾਹਿਦ ਜ਼ੁਬੈਰੀ, ਸਾਧੂ, ਵਰੁਨ ਜਿੰਦਲ, ਸ਼ਾਹਿਲ ਚੋਪੜਾ ਅਤੇ ਅੱਖਤਰ ਜੂਸ ਵਾਲਾ ਆਦਿ ਵੀ ਹਾਜ਼ਰ ਸਨ।

# ਵਿਧਾਇਕ ਸੰਧੂ ਦੀ ਅਗਵਾਈ ਹੇਠ ਹੋਣਗੇ ਬਾਬਾ ਦਰਸ਼ਨ ਸਿੰਘ ਕਲੋਨੀ ਦੇ ਵਿਕਾਸ :ਸਰਪੰਚ ਸੰਧੂ



ਅੰਮ੍ਰਿਤਸਰ (ਲੋਕ ਬਾਣੀ)-) ਬਾਬਾ ਦਰਸ਼ਨ ਸਿੰਘ ਕਲੋਨੀ ਰਾਮ ਤੀਰਥ ਰੋਡ ਦੇ ਪਛੜੇ ਵਿਕਾਸ ਕਾਰਜ ਜੰਗੀ ਪੱਧਰ ਤੇ ਹਲਕਾ ਵਿਧਾਇਕ ਪੱਛਮੀ ਡਾਕਟਰ ਜਸਬੀਰ ਸਿੰਘ ਸੰਧੂ ਦੀ ਅਗਵਾਈ ਹੇਠ ਕਰਵਾਏ ਜਾਣਗੇ ਇਹ ਵਿਚਾਰ ਨਵ ਨਿਯੁਕਤ ਸਰਪੰਚ ਅਮਨਦੀਪ ਸਿੰਘ ਬਾਬਾ ਗੁਰਜੀਤ ਸਿੰਘ ਕੁੱਲੀ ਵਾਲੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਸਾਂਝੀ ਕੀਤੇ ਉਹਨਾਂ ਕਿਹਾ ਕਿ ਹਲਕਾ ਵਿਧਾਇਕ ਪੱਛਮੀ ਡਾਕਟਰ ਜਸਬੀਰ ਸਿੰਘ ਸੰਧੂ ਦੀ ਯੋਗ ਅਗਵਾਈ ਵਿੱਚ ਹੋਣਗੇ ਉਹਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੇਲੇ ਜਿੱਥੇ ਪਿਛਲੇ 15 ਸਾਲ ਤੋਂ ਬਾਬਾ ਦਰਸ਼ਨ ਸਿੰਘ ਕਲੋਨੀ ਦੀਆਂ ਵੱਖ ਵੱਖ ਵਾਰਡਾਂ ਦੇ ਵਿਕਾਸ ਪਛੜੇ ਹੋਏ ਹਨ ਉਥੇ ਉਹਨਾਂ ਦੇ ਵਿਕਾਸ ਕਾਰਜਾਂ ਨੂੰ ਜਲਦ ਵਾਅਦਿਆਂ ਨੂੰ ਪੂਰਾ ਕੀਤਾ ਜਾਵੇਗਾ ਇਸ ਮੌਕੇ ਕਰਨ ਮਾਰਬਲ ਜਥੇਦਾਰ ਬਚਨ ਸਿੰਘ ਧੌਲ ਸੁਰਜੀਤ ਸਿੰਘ ਸੰਧੂ ਡਾਕਟਰ ਕੁਲਵੰਤ ਸਿੰਘ ਐਡਵੋਕੇਟ ਸੰਦੀਪ ਸਿੰਘ ਪੱਤਰਕਾਰ ਮਿੱਠਾ ਨਵਤੇਜ ਸਿੰਘ ਵਿਰਦੀ ਠੇਕੇਦਾਰ ਰਘਬੀਰ ਸਿੰਘ ਗੁਰਦੀਪ ਸਿੰਘ ਫੌਜੀ ਜਸਪਾਲ ਸਿੰਘ ਸਤਨਾਮ ਸਿੰਘ ਰਕੇਸ਼ ਕੁਮਾਰ ਵਰਮਾ ਕੋਚ ਨੀਰਜ ਕੁਮਾਰ ਕੈਪਟਨ ਸਿੰਘ ਚੰਦਰਪਾਲ ਵਿਕਰਮ ਕੁਮਾਰ ਬਲਰਾਜ ਸਿੰਘ ਗਿੱਲ ਬਲਰਾਜ ਸਿੰਘ ਜੋਤ ਸੀਮਟ ਗੁਰਬਖਸ਼ ਸਿੰਘ ਸਮੇਤ ਕਾਫੀ ਗਿਣਤੀ ਵਿੱਚ ਕਲੋਨੀ ਨਿਵਾਸੀ ਹਾਜ਼ਰ ਸਨ

# ਨਵੇਂ ਮਿਸ਼ਨ, ਨਵੀਆਂ ਉਮੰਗਾਂ ਅਤੇ ਨਵੇਂ ਉਤਸ਼ਾਹ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਰੇਗੀ ਸਾਲ 2025 ਦਾ ਸਵਾਗਤ

ਅੰਮ੍ਰਿਤਸਰ (ਲੋਕ ਬਾਣੀ)- ਜੀਵਨ ਦਾ ਨੇਮ ਹੈ ਕਿ ਇਸ ਦਾ ਪ੍ਰਵਾਹ ਦਿਨ-ਪਰ-ਦਿਨ ਤੇ ਸਾਲ-ਪਰ-ਸਾਲ ਚਲਦਾ ਰਹਿੰਦਾ ਹੈ ਅਤੇ ਸਮਾਂ ਆਪਣੇ ਕਦਮ ਚਲਦਾ ਹੋਇਆ ਨਵੇਂ ਆਯਾਮ ਸਥਾਪਿਤ ਕਰਦਾ ਜਾਂਦਾ ਹੈ। ਸਾਲ 2024 ਵੀ ਆਪਣੇ ਅੰਦਰ ਕਈ ਯਾਦਾਂ ਸਮੋਈ ਸਾਨੂੰ ਅਲਵਿਦਾ ਕਹਿ ਰਿਹਾ ਹੈ ਅਤੇ ਸਾਲ 2025 ਨਵੀਆਂ ਉਮੀਦਾਂ ਅਤੇ ਨਵੇਂ ਜੀਵਨ ਪ੍ਰਵਾਹ ਨਾਲ ਸਾਡਾ ਸਵਾਗਤ ਕਰ ਰਿਹਾ ਹੈ। ਇਸ ਪ੍ਰਵਾਹ ਵਿਚ ਉਚੇਰੀ ਸਿਖਆ ਦਾ ਚਾਨਣ ਮੁਨਾਰਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਦਆਰਥੀਆਂ ਨੂੰ ਉਨ੍ਹਾਂ ਦੀਆਂ ਮਿੱਥੇ ਟੀਚੇ ਪਹੁੰਚਾਉਣ, ਆਪਣੀਆਂ ਉਪਲਬਧੀਆਂ ਦੀ ਲੜੀ ਜਾਰੀ ਰੱਖਣ ਅਤੇ ਉਚ ਪਾਏ ਦੇ ਸਮਾਜ ਸਿਰਜਣ ਦੀ ਪ੍ਰਕ੍ਰਿਆ ਵਿਚ ਕਾਰਜਸ਼ੀਲ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਸਾਲ 2024 ਵਿਚ ਅਕਾਦਮਿਕ, ਖੋਜ, ਖੇਡਾਂ, ਕਲਾ ਅਤੇ ਸਭਿਆਚਾਰ ਨਾਲ ਸਬੰਧਤ ਬਹੁਤ ਸਾਰੀਆਂ ਪ੍ਰਾਪਤੀਆਂ ਕਰਦਿਆਂ ਵੱਖ ਵੱਖ ਖੇਤਰਾਂ ਵਿਚ ਮੱਲ੍ਹਾਂ ਮਾਰੀਆਂ ਹਨ। ਯੂਨੀਵਰਸਿਟੀ ਦੇ ਨਵ-ਨਿਯੁਕਤ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਵੱਲੋਂ ਯੂਨੀਵਰਸਿਟੀ ਨੂੰ ਹੋਰ ਬੁਲੰਦੀਆਂ ਤੇ ਲਿਜਾਣ ਲਈ ਆਪਣੀ ਵੱਚਨਬੱਧਤਾ ਅਤੇ ਹੋਰ ਨਵੇਂ ਉਦੇਸ਼ਾਂ ਨੂੰ ਪੁਰ ਕਰਨ ਦੇ ਟੀਚਿਆਂ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਨਵੇਂ ਸਾਲ 20 25 ਦਾ ਸਵਾਗਤ ਕਰੇਗੀ।



ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਦੀ ਸੁਯੋਗ ਅਗਵਾਈ ਵਿਚ ਯੂਨੀਵਰਸਿਟੀ ਆਪਣੇ ਨਵੇਂ ਉਦੇਸ਼ਾਂ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਮਿਸ਼ਨ ਸਰਬੱਤ ਦਾ ਭਲਾ ਤੋਂ ਪ੍ਰੇਰਨਾ ਲੈਂਦਿਆਂ ਸਿੱਖਿਆ ਨੂੰ ਸਾਰਿਆਂ ਲਈ ਪਹੁੰਚਯੋਗ ਬਣਾਉਣਾ ਪਹਿਲੇ ਟੀਚੇ ਵਿਚ ਸ਼ਾਮਿਲ ਹੋਵੇਗਾ। ਇਹ ਦ੍ਰਿਸ਼ਟੀ ਅੱਜ ਦੇ ਸੰਸਾਰ ਵਿੱਚ ਖਾਸ ਤੌਰ ਤੇ ਮਹੱਤਵਪੂਰਨ ਹੈ, ਜਿੱਥੇ ਵਿੱਤੀ ਰੁਕਾਵਟਾਂ, ਭੂਗੋਲਿਕ ਦੂਰੀ ਅਤੇ ਸਮਾਜਿਕ ਅਸਮਾਨਤਾਵਾਂ ਵਰਗੀਆਂ ਰੁਕਾਵਟਾਂ ਗੁਣਵੱਤਾ ਸਿੱਖਿਆ ਤੱਕ ਪਹੁੰਚ ਵਿੱਚ ਰੁਕਾਵਟ ਪਾਉਂਦੀਆਂ ਹਨ। ਪਿਛੇ ਰਹਿਣ ਵਾਲੇ ਨਾਗਰਿਕਾਂ ਜਾਂ ਉਹ ਵਿਅਕਤੀ ਜਿਹੜੇ ਕਿਸੇ ਕਾਰਨਾਂ ਕਰਕੇ ਆਪਣੀ ਉਚ ਸਿਖਆ ਨੂੰ ਪੂਰੇ ਨਹੀਂ ਕਰ ਸਕੇ ਜਾਂ ਉਹ ਵਿਦਆਰਥੀ ਜੋ ਵਸੀਲੇ ਪੂਰੇ ਨਾ ਹੋਣ ਕਰਕੇ ਸਿਖਆ ਪ੍ਰਾਪਤ ਨਹੀਂ ਕਰ ਸਕੇ ਉਨ੍ਹਾਂ ਨੂੰ ਸਿਖਆ ਦੇ ਮੌਕੇ ਪ੍ਰਦਾਨ ਕਰਨ ਲਈ ਯੂਨੀਵਰਸਿਟੀ ਦੀ ਓਪਨ ਲਰਨਿੰਗ ਅਤੇ ਔਨਲਾਈਨ ਸਿੱਖਿਆ ਪ੍ਰਣਾਲੀਆਂ ਵਿਚ ਤੇਜ਼ੀ ਲਿਆਂਦੀ ਜਾਵੇਗੀ। ਇਨੋਵੇਸ਼ਨ ਅਤੇ ਅੰਤਰ-ਵਿਭਾਗੀ ਸਹਿਯੋਗ ਰਾਹੀਂ ਯੂਨੀਵਰਸਿਟੀ ਦੇ ਵਿਭਾਗਾਂ ਵਿੱਚ ਹੀ ਨਹੀਂ ਸਗੋਂ ਬਾਹਰੀ ਸੰਸਥਾਵਾਂ ਨਾਲ ਵੀ ਨਵੀਨਤਾ ਨੂੰ ਉਤਸ਼ਾਹਿਤ ਅਤੇ ਸਹਿਯੋਗ ਵਧਾਇਆ ਜਾਵੇਗਾ। ਇਸੇ ਦੇ ਨਾਲ ਹੀ ਸਮਾਜਿਕ ਚੁਣੌਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਲਈ ਅੰਤਰ-ਅਨੁਸ਼ਾਸਨੀ ਪਹੁੰਚ ਦੀ ਲੋੜ ਤੇ ਵੀ ਜ਼ੋਰ ਦਿੱਤਾ ਜਾਵੇਗਾ। ਯੂਨੀਵਰਸਿਟੀ ਵੱਲੋਂ ਸਮਾਜ ਦੀ ਲੋੜ ਅਨੁਸਾਰ ਨਵੇਂ ਕੋਰਸ ਸ਼ੁਰੂ ਕਰਨ ਨੂੰ ਪਹਿਲ ਦਿੱਤੀ ਜਾਵੇਗੀ ਜਿਸ ਨਾਲ ਵਿਦਆਰਥੀ ਨੂੰ ਲਾਭ ਮਿਲੇ ਅਤੇ ਉਦਯੋਗ ਅਤੇ ਸਮਾਜ ਦੀ ਉਨਤੀ ਵਿਚ ਵਾਧਾ ਹੋਣ ਦੇ ਨਾਲ ਵਿਦਆਰਥੀਆਂ ਦੀ ਰੋਜ਼ਗਾਰ ਦਰ ਵੱਧ ਸਕੇ। ਪੰਜਾਬੀ ਭਾਸ਼ਾ ਦੇ ਵਿਕਾਸ, ਪ੍ਰਚਾਰ ਤੇ ਪ੍ਰਸਾਰ ਨੂੰ ਵੀ ਇਸ ਸਾਲ ਦੇ ਮੁੱਖ ਏਜੰਡੇ ਵਿਚ ਸ਼ਾਮਿਲ ਕੀਤਾ ਗਿਆ ਹੈ। ਯੂਨੀਵਰਸਿਟੀ ਔਨਲਾਈਨ ਸਿਖਲਾਈ ਪ੍ਰੋਗਰਾਮਾਂ ਦੀ ਸ਼ੁਰੂਆਤ ਕਰਕੇ ਪੰਜਾਬੀ ਡਾਇਸਪੋਰਾ ਦੀ ਸਹਾਇਤਾ ਕਰਨ ਲਈ ਸਮਰਪਿਤ ਹੈ। ਇਹਨਾਂ ਪਹਿਲਕਦਮੀਆਂ ਦਾ ਉਦੇਸ਼ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨੂੰ ਸੁਰੱਖਿਅਤ ਅਤੇ ਪ੍ਰਫੁੱਲਤ ਕਰਨਾ ਹੈ ਤੇ ਉਹਨਾਂ ਨੂੰ ਵਿਸ਼ਵ ਭਰ ਵਿੱਚ ਪਹੁੰਚਯੋਗ ਬਣਾਉਣਾ ਹੈ। ਯੂਨੀਵਰਸਿਟੀ ਦੇ ਯਤਨ ਵਿਚ ਇਹ ਗੱਲ ਸ਼ਾਮਿਲ ਹੋਵੇਗੀ ਕਿ ਵਿਦੇਸ਼ਾਂ ਵਿਚ ਰਹਿ ਰਹੇ ਪੰਜਾਬੀਆਂ ਅਤੇ ਉਨ੍ਹਾਂ ਲੋਕਾਂ, ਜੋ ਸਿੱਖਣ ਦੇ ਚਾਹਵਾਨ ਹਨ, ਤਕ ਗੁਰਮੁਖੀ ਲਿਪੀ ਆਧਾਰਤ ਡਿਜੀਟਲ ਪਲੇਟਫਾਰਮਾਂ ਦੀ ਪਹੁੰਚ ਕੀਤੀ ਜਾਵੇ।

ਹੁਣ ਦਾ ਸਮਾਂ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ) ਵਰਗੀਆਂ ਅਤਿ-ਆਧੁਨਿਕ ਤਕਨਾਲੋਜੀਆਂ ਵਾਲਾ ਦੌਰ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਇਹ ਕੋਸ਼ਿਸ਼ ਹੋਵੇਗੀ ਕਿ ਯੂਨੀਵਰਸਿਟੀ ਵੀ ਇਸ ਆਰਟੀਫੀਸ਼ੀਅਲ ਇੰਟੈਲੀਜੈਂਸ ਦੌਰ ਦੇ ਮੋਢੇ ਨਾਲ ਮੋਢਾ ਜੋੜ ਕੇ ਚੱਲੇ ਅਤੇ ਵਿਦਆਰਥੀਆਂ ਨੂੰ ਰੁਜ਼ਗਾਰਯੋਗ ਅਤੇ ਉੱਦਮੀ ਯੋਗਤਾਵਾਂ ਦੇ ਸਮਰੱਥ ਬਣਾਏ। ਇਸ ਉਦੇਸ਼ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਤੇ ਹੁਨਰ-ਅਧਾਰਿਤ ਕੋਰਸਾਂ ਦੀ ਸ਼ੁਰੂਆਤ ਕਰਨ ਨੂੰ ਪਹਿਲ ਦਿੱਤੀ ਜਾਵੇਗੀ। ਦਾਖਲੇ ਨੂੰ ਵਧਾਉਣ ਦੇ ਉਦੇਸ਼ ਨਾਲ ਯੂਨੀਵਰਸਿਟੀ ਅਤੇ ਕਾਂਸਟੀਚੁਐਂਟ ਕਾਲਜਾਂ ਵਿਚ ਉਦਯੋਗ ਜਗਤ ਦੀ ਲੋੜ, ਉਦਮੀ ਨਵੀਨਤਾਵਾਂ ਅਤੇ ਸਮੇਂ ਦੀ ਲੋੜ ਵਾਲੇ ਹੋਰ ਨਵੇਂ ਹੁਨਰ-ਅਧਾਰਿਤ ਕੋਰਸ ਵੀ ਸ਼ੁਰੂ ਕੀਤੇ ਜਾਣਗੇ।

ਖੋਜ ਅਤੇ ਨਵੀਨਤਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਆਪਣੇ ਸਫ਼ਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਿਆਂ ਵਿਗਿਆਨਕ ਖੋਜ ਨੂੰ ਕੇਂਦਰ ਵਿਚ ਰੱਖਦੇ ਹੋਏ ਸਮਕਾਲੀ ਸਮਾਜਿਕ ਚੁਣੌਤੀਆਂ ਨੂੰ ਹੱਲ ਕਰਨ ਲਈ ਸਮਾਜ ਵਿਗਿਆਨ ਵਿੱਚ ਵਿਚ ਖੋਜ ਨੂੰ ਵਧਾਉਣ ਦੇ ਯਤਨਾਂ ਦੀ ਵੀ ਯੋਜਨਾ ਬਣਾ ਰਹੀ ਹੈ। ਆਪਣੀਆਂ ਸੱਭਿਆਚਾਰਕ ਜੜ੍ਹਾਂ ਨੂੰ ਪਛਾਣਦੇ ਹੋਏ, ਯੂਨੀਵਰਸਿਟੀ ਨੇ ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪ੍ਰਸਾਰ ਨੂੰ ਵੀ ਆਪਣੀ ਤਰਜੀਹੀ ਸੂਚੀ ਵਿੱਚ ਰੱਖਿਆ ਹੈ, ਜਿਸਦਾ ਉਦੇਸ਼ ਵਿਸ਼ਵ ਦ੍ਰਿਸ਼ਟੀਕੋਣ ਨੂੰ ਉਤਸ਼ਾਹਤ ਕਰਦੇ ਹੋਏ ਖੇਤਰੀ ਵਿਰਾਸਤ ਨੂੰ ਸੰਭਾਲਣਾ ਅਤੇ ਮਨਾਉਣਾ ਹੈ।

ਵਰਤਮਾਨ ਸਮੇਂ ਵਿਚ ਕੁੱਲ ਦਾਖਲਾ ਲੈਣ ਦਾ ਅਨੁਪਾਤ 29.1 ਫੀਸਦ ਹੈ ਅਤੇ ਸਾਲ 2025 ਤੋਂ ਯੂਨੀਵਰਸਿਟੀ ਦਾ ਟੀਚਾ ਹੋਵੇਗਾ ਕਿ ਜਿਵੇਂ ਕਿ ਭਾਰਤ ਸਰਕਾਰ ਦਾ ਉਦੇਸ਼ ਇਸ ਕੁੱਲ ਦਾਖਲਾ ਲੈਣ ਦਾ ਅਨੁਪਾਤ ਦੇ ਟੀਚੇ ਨੂੰ 50 ਫੀਸਦ ਤਕ ਪਹੁੰਚਾਉਣਾ ਹੈ, ਨੂੰ ਵੇਖਦੇ ਹੋਏ ਦੂਰ-ਦੁਰਾਡੇ ਦੇ ਖੇਤਰਾਂ ਵਿੱਚ ਵਿਦਆਰਥੀਆਂ ਨੂੰ ਆਨਲਾਈਨ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਦੱਬੇ-ਕੁਚਲੇ ਅਤੇ ਪਛੜੇ ਵਰਗਾਂ, ਵੱਖ-ਵੱਖ ਤੌਰ ਤੇ ਵਿਸ਼ੇਸ਼ ਲੋੜਾਂ ਵਿਅਕਤੀਆਂ ਅਤੇ ਜੇਲ੍ਹਾਂ ਵਿੱਚ ਬੰਦ ਕੈਦੀਆਂ ਨੂੰ ਉੱਚ ਸਿੱਖਿਆ ਦੇ ਮੌਕੇ ਪ੍ਰਦਾਨ ਕਰਨ ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।

ਸਮਾਜਕ ਸਮੱਸਿਆਵਾਂ ਨੂੰ ਹੱਲ ਕਰਨ ਅਤੇ ਸਮੁੱਚੇ ਭਾਈਚਾਰਕ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਯੂਨੀਵਰਸਿਟੀ ਦੀ ਜ਼ਿੰਮੇਵਾਰੀ ਅਹਿਮ ਹੈ ਅਤੇ ਯੂਨੀਵਰਸਿਟੀ ਦਾ ਅਧਿਆਪਨ ਅਮਲਾ ਕਿਸੇ ਵੀ ਅਕਾਦਮਿਕ ਸੰਸਥਾ ਦਾ ਮੂਲ ਹੁੰਦਾ ਹੈ ਜਿਸ ਨਾਲ ਦੇਸ਼ ਦਾ ਭਵਿੱਖ ਵਿਦਆਰਥੀ ਅਤੇ ਸਾਡਾ ਸਮਾਜ ਘੜਿਆ ਜਾਂਦਾ ਹੈ। ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਦੀ ਸੂਝ-ਬੂਝ ਵਾਲੀ ਅਗਵਾਈ ਵਿਚ ਯੂਨੀਵਰਸਿਟੀ ਦਾ ਇਹ ਉਦੇਸ਼ ਹੋਵੇਗਾ ਕਿ ਅਧਿਆਪਕਾਂ ਨੂੰ ਹੋਰ ਵੀ ਸਮਰੱਥ ਬਣਾਉਣ ਲਈ ਵਿਸ਼ੇਸ਼ ਯਤਨ ਕੀਤੇ ਜਾਣ।

ਸਾਲ 2025 ਨੂੰ ਜੀ ਆਇਆਂ ਆਖਦਿਆਂ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੂੰ ਵਿਸ਼ਵ ਪੱਧਰ ਤੇ ਖਾਸ ਉਚਾਈ ਤਕ ਲਿਜਾਣ ਬਾਰੇ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਇਹ ਯੂਨੀਵਰਸਿਟੀ ਇਹ ਯਕੀਨੀ ਬਣਾਏਗੀ ਕਿ ਯੂਨੀਵਰਸਿਟੀ ਦੇ ਵਿਦਆਰਥੀ ਪਹਿਲਾਂ ਨਾਲੋਂ ਵੀ ਵੱਧ ਗਿਆਨਵਾਨ, ਰੋਜ਼ਗਾਰਮੁਖੀ, ਉਦਮੀ ਯੋਗਤਾਵਾਂ ਅਤੇ ਸਮਾਜਿਕ ਕਦਰਾਂ-ਕੀਮਤਾਂ ਨਾਲ ਲੈੱਸ ਹੋ ਕੇ ਵਿਸ਼ਵ ਵਿਚ ਵਿਚਰਣ ਅਤੇ ਸਮਾਜ ਦੀ ਤਰੱਕੀ ਵਿਚ ਆਪਣਾ ਯੋਗਦਾਨ ਪਾਉਂਦੇ ਹੋਏ ਯੂਨੀਵਰਸਿਟੀ ਦੀ ਪਛਾਣ ਨੂੰ ਹੋਰ ਨਿਖਾਰਣ। ਉਨ੍ਹਾਂ ਇਹਨਾਂ ਉਦੇਸ਼ਾਂ ਨੂੰ ਪ੍ਰਾਪਤ ਕਰਨ ਵਿੱਚ ਫੈਕਲਟੀ, ਸਟਾਫ ਅਤੇ ਵਿਦਆਰਥੀਆਂ ਦੇ ਸਮੂਹਿਕ ਯਤਨਾਂ ਤੋਂ ਸਮਰਥਨ ਅਤੇ ਸਮਰਪਣ ਭਾਵਨਾ ਦੀ ਮੰਗ ਵੀ ਕੀਤੀ।

ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਆਪਣੀ ਕਾਰਜਸ਼ੈਲੀ ਅਤੇ ਉਦੇਸ਼ਾਂ ਦਾ ਮੂਲ ਸਰੋਤ ਤੇ ਆਧਾਰ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦ੍ਰਿੜਾਏ 'ਕਿਰਤ ਕਰੋ ਨਾਮ ਜਪੋ ਤੇ ਵੰਡ ਛਕੋ' ਅਤੇ 'ਸਰਬੱਤ ਦੇ ਭਲੇ' ਨੂੰ ਮੰਨਦੇ ਹੋਏ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੂੰ ਹੋਰ ਉਚਾਈਆਂ 'ਤੇ ਲਿਜਾਣ ਅਤੇ ਜੀਵਨ ਵਿਚ ਸਮਾਜ ਦੇ ਹੋਰ ਚੰਗੇ ਨਿਜ਼ਾਮ ਨੂੰ ਸਥਾਪਤ ਕਰਨ ਦਾ ਵਚਨ ਦਿੰਦਿਆਂ ਸਾਨੂੰ ਸਾਰਿਆਂ ਨੂੰ ਸਾਲ 2025 ਦੀ ਆਮਦ 'ਤੇ ਖੁਸ਼ੀਆਂ ਭਰੇ ਜੀਵਨ ਦੀ ਅਰਦਾਸ ਕਰਦਿਆਂ ਨਵੇਂ ਸਾਲ ਦੀ ਵਧਾਈ ਦਿੰਦੇ ਹਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਹਿੰਡੇ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565